TOURIST VISA USA CANADA
SCHENGEN/ UK AUSTRALIA/ NZ
263 VISA
ਫਰਵਰੀ 2025 ਮਹੀਨੇ ਵਿੱਚ ਲੱਗੇ
easyvisa
8195 828282

ਸੱਚ ਤੇ ਨਿਡਰ ਆਵਾਜ਼
ਰੋਜ਼ਾਨਾ
# ਲੋਕ ਬਾਣੀ
DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ
ਸ਼ਨੀਵਾਰ,22 ਮਾਰਚ 2025
Email:- lokbani08@gmail.com


Start Your OWN HOTEL
The Land is Your Project Ours
Contact Us
9814400833

R. N. I. Punpun/29016/2008 * ਸਾਲ 16 , * ਅੰਕ : 272 * ਮੁੱਲ : 6 ਰੁਪਏ * ਕੁੱਲ ਪੇਜ: 10 * ਦਫਤਰ : 0181-2211009 * M : 99155-94111

263 VISA
ਫਰਵਰੀ 2025 ਮਹੀਨੇ ਵਿੱਚ ਲੱਗੇ
TOURIST VISA
USA/ SCHENGEN
CANADA/ AUSTRALIA/ UK/ NZ
easyvisa
8195 828282
ਅਪਲਾਈ ਕਰਨ ਤੋਂ ਪਹਿਲਾਂ ਲੱਗੇ ਹੋਏ ਵੀਜ਼ਾ ਜ਼ਰੂਰ ਚੈਕ ਕਰੋ ਫਿਰ ਅਪਲਾਈ ਕਰੋ

## ਟਰੰਪ ਦਾ ਇਕ ਹੋਰ ਫ਼ਰਮਾਨਅਮਰੀਕਾ 'ਚ ਸੰਘੀ ਸਿੱਖਿਆ ਵਿਭਾਗ ਬੰਦ

ਵਾਸ਼ਿੰਗਟਨ, ਲੋਕ ਬਾਣੀ-ਅਮਰੀਕੀ ਰਾਸ਼ਟਰਪਤੀ ਡੌਨਲਡ ਟਰੰਪ ਨੇ ਸੰਘੀ ਸਿੱਖਿਆ ਵਿਭਾਗ ਨੂੰ ਖ਼ਤਮ ਕਰਨ ਸਬੰਧੀ ਇਕ ਹੁਕਮ 'ਤੇ ਸਹੀ ਪਾਈ ਹੈ। ਟਰੰਪ ਦੀ ਇਹ ਪੇਸ਼ਕਦਮੀ ਰਿਪਬਲਿਕਨ ਸਮਰਥਕਾਂ ਨਾਲ ਕੀਤੇ ਵਾਅਦੇ ਨੂੰ ਪੂਰਾ ਕਰਨ ਵਜੋਂ ਦੇਖੀ ਜਾ ਰਹੀ ਹੈ। ਟਰੰਪ ਨੇ ਵ੍ਹਾਈਟ ਹਾਊਸ ਦੇ ਈਸਟ ਰੂਮ ਵਿਚ ਇਕ ਸਮਾਗਮ ਦੌਰਾਨ ਕਿਹਾ, "ਅਸੀਂ ਸਿੱਖਿਆ ਨੂੰ ਮੁੜ ਰਾਜਾਂ ਦੇ ਹੱਥਾਂ ਵਿਚ ਸੌਂਪ ਰਹੇ ਹਾਂ, ਜਿੱਥੇ ਇਸ ਨੂੰ ਅਸਲ ਵਿਚ ਹੋਣਾ ਚਾਹੀਦਾ ਹੈ।" ਇਸ ਮੌਕੇ



ਅਮਰੀਕੀ ਸਦਰ ਨਾਲ ਵਿਦਿਆਰਥੀਆਂ ਤੇ ਅਧਿਆਪਕਾਂ ਦਾ ਇਕ ਸਮੂਹ ਮੌਜੂਦ ਸੀ।

## ਮਹਿਲਾ ਸਹਿਕਰਮੀ ਦੇ ਵਾਲਾਂ ਬਾਰੇ ਗੀਤ ਗਾਉਣਾ ਜਿਨਸੀ ਸ਼ੋਸ਼ਣ ਨਹੀਂ: ਹਾਈ ਕੋਰਟ

ਮੁੰਬਈ, ਲੋਕ ਬਾਣੀ-ਬੰਬੇ ਹਾਈ ਕੋਰਟ ਨੇ ਇੱਕ ਨਿੱਜੀ ਬੈਂਕ ਦੇ ਇੱਕ ਸੀਨੀਅਰ ਕਾਰਜਕਾਰੀ ਅਧਿਕਾਰੀ ਨੂੰ ਰਾਹਤ ਦਿੰਦਿਆਂ ਕਿਹਾ ਹੈ ਕਿ ਕਿਸੇ ਮਹਿਲਾ ਸਹਿਕਰਮੀ ਦੇ ਵਾਲਾਂ ਬਾਰੇ ਗੀਤ ਗਾਉਣਾ ਅਤੇ ਟਿੱਪਣੀਆਂ ਕਰਨਾ ਆਪਣੇ ਆਪ ਵਿੱਚ 'ਕੰਮ ਵਾਲੀ ਥਾਂ 'ਤੇ ਜਿਨਸੀ ਸ਼ੋਸ਼ਣ' (sexual harassment at workplace) ਦਾ ਮਾਮਲਾ ਨਹੀਂ ਬਣਾ। ਗ਼ੌਰਤਲਬ ਹੈ ਕਿ ਇਸ ਤੋਂ ਮਹਿਜ਼ ਦੋ ਦਿਨ ਪਹਿਲਾਂ ਅਲਾਹਾਬਾਦ ਹਾਈ ਕੋਰਟ ਨੇ ਵੀ ਅਜਿਹੇ ਹੀ ਇਕ ਫ਼ੈਸਲੇ ਵਿਚ ਕਿਹਾ ਸੀ



ਕਿ ਕਿਸੇ ਕੁੜੀ ਦੇ ਨਿਜੀ ਅੰਗਾਂ ਨੂੰ ਫੜਨਾ ਜਾਂ ਉਸ ਦੀ ਪਜ਼ਾਮੀ/ਸਲਵਾਰ ਦਾ ਨਾਲਾ ਤੋੜਨਾ ਜਬਰ-ਜਨਾਹ ਦੀ ਕੋਸ਼ਿਸ਼ ਦਾ ਮਾਮਲਾ ਨਹੀਂ ਬਣਦਾ।

## ਦਿੱਲੀ ਹਾਈ ਕੋਰਟ ਦੇ ਜਸਟਿਸ ਯਸ਼ਵੰਤ ਵਰਮਾ ਦੇ ਸਰਕਾਰੀ ਘਰ ਨਾਲ ਜੁੜੀ ਘਟਨਾ ਬਾਰੇ ਗੁੰਮਰਾਹਕੁਨ ਜਾਣਕਾਰੀ ਫੈਲਾਈ ਗਈ: ਸੁਪਰੀਮ ਕੋਰਟ

ਨਵੀਂ ਦਿੱਲੀ, ਲੋਕ ਬਾਣੀ ਸੁਪਰੀਮ ਕੋਰਟ ਨੇ ਕਿਹਾ ਕਿ ਦਿੱਲੀ ਹਾਈ ਕੋਰਟ ਦੇ ਜੱਜ ਜਸਟਿਸ ਯਸ਼ਵੰਤ ਸਿਨਹਾ, ਜਿਨ੍ਹਾਂ ਦੀ ਸਰਕਾਰੀ ਰਿਹਾਇਸ਼ 'ਚ ਅੱਗ ਲੱਗਣ ਮਗਰੋਂ ਉਥੋਂ ਕਥਿਤ ਨੋਟਾਂ ਦੇ ਬੰਡਲ ਬਰਾਮਦ ਹੋਏ ਸਨ, ਬਾਰੇ ਗੁੰਮਰਾਹਕੁਨ ਜਾਣਕਾਰੀ ਤੇ ਅਫ਼ਵਾਹਾਂ ਫੈਲਾਈਆਂ ਗਈਆਂ। ਕੋਰਟ ਨੇ ਕਿਹਾ ਕਿ ਜਸਟਿਸ ਵਰਮਾ ਦਾ ਅਲਾਹਾਬਾਦ ਹਾਈ ਕੋਰਟ ਵਿਚ ਤਬਾਦਲੇ ਦਾ ਫੈਸਲਾ ਨਿਰਪੱਖ ਤੇ ਉਨ੍ਹਾਂ ਖਿਲਾਫ਼ ਚੱਲ ਰਹੀ ਦਫ਼ਤਰੀ ਜਾਂਚ ਦਾ ਇਸ



ਨਾਲ ਕੋਈ ਲਾਗਾ-ਦੇਗਾ ਨਹੀਂ ਸੀ। ਸੁਪਰੀਮ ਕੋਰਟ ਨੇ ਕਿਹਾ ਕਿ ਜਾਣਕਾਰੀ ਮਿਲਣ ਮਗਰੋਂ ਦਿੱਲੀ ਹਾਈ ਕੋਰਟ ਦੇ ਚੀਫ ਜਸਟਿਸ ਵੱਲੋਂ ਸਬੂਤ ਤੇ ਹੋਰ ਜਾਣਕਾਰੀ ਇਕੱਤਰ ਕਰਨ ਲਈ ਅੰਦਰੂਨੀ ਜਾਂਚ ਕਰਵਾਈ ਗਈ।

## ਕਰਨਲ ਦੇ ਬਿਆਨਾਂ 'ਤੇ ਨਵੀਂ ਐੱਫਆਈਆਰ ਦਰਜ; ਨਿਰਪੱਖ ਜਾਂਚ ਲਈ ਉੱਚ ਪੱਧਰੀ 'ਸਿਟ' ਕਾਇਮ

ਪਟਿਆਲਾ ਲੋਕ ਬਾਣੀ- ਕਰਨਲ ਕੁੱਟਮਾਰ ਮਾਮਲੇ ਵਿਚ ਪੀੜਤ ਪਰਿਵਾਰ ਵੱਲੋਂ ਇਨਸਾਫ਼ ਲਈ ਸੀਬੀਆਈ ਜਾਂਚ ਤੇ ਐੱਸਐੱਸਪੀ ਨਾਨਕ ਸਿੰਘ ਨੂੰ ਜ਼ਿਲ੍ਹੇ ਤੋਂ ਬਾਹਰ ਤਬਦੀਲ ਕੀਤੇ ਜਾਣ ਦੀ ਮੰਗ ਦਰਮਿਆਨ ਪਟਿਆਲਾ ਪੁਲੀਸ ਨੇ ਕਰਨਲ ਪੁਸ਼ਪਿੰਦਰ ਸਿੰਘ ਬਾਠ ਦੇ ਬਿਆਨਾਂ 'ਤੇ ਨਵੀਂ ਐੱਫਆਈਆਰ ਦਰਜ ਕੀਤੀ ਹੈ। ਇਹੀ ਨਹੀਂ ਨਿਰਪੱਖ ਜਾਂਚ ਯਕੀਨੀ ਬਣਾਉਣ ਲਈ



ਉੱਚ ਪੱਧਰੀ ਵਿਸ਼ੇਸ਼ ਜਾਂਚ ਟੀਮ ਦੇ ਗਠਨ ਦਾ ਵੀ ਐਲਾਨ ਕੀਤਾ ਗਿਆ ਹੈ।

## ਵਪਾਰ ਸੌਦੇ ਨੂੰ ਲੈ ਕੇ ਅਮਰੀਕਾ ਨਾਲ ਗੱਲਬਾਤ ਜਾਰੀ: ਭਾਰਤ

ਨਵੀਂ ਦਿੱਲੀ, ਲੋਕ ਬਾਣੀ -: ਅਮਰੀਕੀ ਰਾਸ਼ਟਰਪਤੀ ਡੌਨਲਡ ਟਰੰਪ ਵੱਲੋਂ ਭਾਰਤ ਸਣੇ ਹੋਰਨਾਂ ਮੁਲਕਾਂ ਨੂੰ 2 ਅਪਰੈਲ ਤੋਂ 'ਜਵਾਬੀ ਟੈਕਸ' ਲਾਉਣ ਦੇ ਕੀਤੇ ਐਲਾਨ ਦਰਮਿਆਨ ਭਾਰਤ ਨੇ ਸ਼ੁੱਕਰਵਾਰ ਨੂੰ ਕਿਹਾ ਕਿ ਦੁਵੱਲੇ ਵਪਾਰ ਸਮਝੌਤੇ ਤਹਿਤ ਇਕ ਢਾਂਚਾ ਵਿਕਸਤ ਕਰਨ ਨੂੰ ਲੈ ਕੇ ਵਾਸ਼ਿੰਗਟਨ ਨਾਲ ਉਸ ਦੀ ਗੱਲਬਾਤ ਜਾਰੀ ਹੈ, ਜੋ ਟੈਕਸ ਅਤੇ ਬਾਜ਼ਾਰ ਪਹੁੰਚ ਨਾਲ ਸਬੰਧਤ ਮੁੱਦਿਆਂ ਨੂੰ ਹੱਲ ਕਰੇਗੀ।
ਵਿਦੇਸ਼ ਮੰਤਰਾਲੇ (MEA) ਦੇ ਬੁਲਾਰੇ ਰਣਧੀਰ



ਜੈਸਵਾਲ ਨੇ ਆਪਣੀ ਹਫ਼ਤਾਵਾਰੀ ਮੀਡੀਆ ਬ੍ਰੀਫਿੰਗ ਵਿੱਚ ਕਿਹਾ ਕਿ ਭਾਰਤ ਦੋਵਾਂ ਧਿਰਾਂ ਲਈ ਲਾਭਕਾਰੀ ਵਪਾਰ ਸਮਝੌਤੇ ਨੂੰ ਸਿਰੇ ਚਾੜ੍ਹਨ ਲਈ 'ਵੱਖ-ਵੱਖ ਪੱਧਰਾਂ' ਉੱਤੇ ਅਮਰੀਕੀ ਪ੍ਰਸ਼ਾਸਨ ਦੇ ਸੰਪਰਕ ਵਿਚ ਹੈ।

## ਡੱਲੇਵਾਲ ਦੀ ਰਿਹਾਈ ਲਈ ਦਾਖ਼ਲ ਹੈਬੀਅਸ ਕੋਰਪਸ ਪਟੀਸ਼ਨ 'ਤੇ ਪੰਜਾਬ ਸਰਕਾਰ ਤੇ ਡੀਜੀਪੀ ਨੂੰ ਨੋਟਿਸ ਜਾਰੀ


ਚੰਡੀਗੜ੍ਹ, (ਲੋਕ ਬਾਣੀ)- ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਕਿਸਾਨ ਆਗੂ ਅਤੇ ਸੰਯੁਕਤ ਕਿਸਾਨ ਮੋਰਚਾ (ਗੈਰ ਸਿਆਸੀ) ਤੇ ਕਿਸਾਨ ਮਜ਼ਦੂਰ ਮੋਰਚਾ (ਕੇਐੱਮਐੱਮ) ਦੀ ਸਾਂਝੀ ਫੋਰਮ ਦੇ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਰਿਹਾਈ ਦੀ ਮੰਗ ਨੂੰ ਲੈ ਕੇ ਦਾਖ਼ਲ ਹੈਬੀਅਸ ਕੋਰਪਸ ਪਟੀਸ਼ਨ 'ਤੇ ਪੰਜਾਬ ਸਰਕਾਰ ਤੇ ਡੀਜੀਪੀ ਨੂੰ ਨੋਟਿਸ ਜਾਰੀ ਕੀਤਾ ਹੈ। ਕਿਸਾਨ ਆਗੂ ਤੇ ਪਟੀਸ਼ਨਰ



ਗੁਰਮੁਖ ਸਿੰਘ ਨੇ ਦਾਅਵਾ ਕੀਤਾ ਕਿ ਡੱਲੇਵਾਲ ਪੰਜਾਬ ਪੁਲੀਸ ਦੀ ਗੈਰਕਾਨੂੰਨੀ ਹਿਰਾਸਤ ਵਿਚ ਹੈ। ਕੇਸ 'ਤੇ ਅਗਲੀ ਸੁਣਵਾਈ ਸੋਮਵਾਰ ਨੂੰ ਹੋਵੇਗੀ।

## ਐਂਬੂਲੈਂਸ ਨਾ ਮਿਲਣ ਕਾਰਨ ਬਜ਼ੁਰਗ ਔਰਤ ਦੀ ਹੋਈ ਮੌਤ

ਕਪੂਰਥਲਾ,ਲੋਕ ਬਾਣੀ- ਬੀਤੀ ਦੇਰ ਰਾਤ ਪਿੰਡ ਭੁਲਾਣਾ ਵਿਚ ਇਕ ਬਜ਼ੁਰਗ ਔਰਤ ਦੀ ਸਿਹਤ ਖ਼ਰਾਬ ਹੋਣ ਤੇ ਮੁੱਢਲਾ ਸਿਹਤ ਕੇਂਦਰ ਭੁਲਾਣਾ ਤੋਂ ਸਮੇਂ ਸਿਰ ਐਂਬੂਲੈਂਸ ਨਾ ਮਿਲਣ ਕਾਰਨ ਬਜ਼ੁਰਗ ਔਰਤ ਦੀ ਮੌਤ ਹੋ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਜਾਣਕਾਰੀ ਦਿੰਦਿਆਂ ਸ਼ਰਨਜੀਤ ਕੌਰ ਪਤਨੀ ਪਰਮਜੀਤ ਸਿੰਘ ਨੇ ਦੱਸਿਆ ਕਿ ਉਹ ਪਿੰਡ ਭੁਲਾਣਾ ਦੇ ਵਸਨੀਕ ਹਨ, ਉਨ੍ਹਾਂ ਦੀ ਮਾਤਾ ਭਜਨ ਕੌਰ ਪਤਨੀ ਜੋਗਿੰਦਰ ਸਿੰਘ ਦੀ ਬੀਤੀ ਦੇਰ ਰਾਤ ਅਚਾਨਕ ਸਿਹਤ ਵਿਗੜ ਗਈ। ਇਸ ਤੇ ਉਨ੍ਹਾਂ ਮੁੱਢਲਾ ਸਿਹਤ ਕੇਂਦਰ ਵਿਖੇ ਐਂਬੂਲੈਂਸ ਲਈ ਫ਼ੋਨ ਕੀਤਾ ਪਰ ਉਨ੍ਹਾਂ ਨੂੰ ਜਵਾਬ ਮਿਲਿਆ ਕਿ ਸਾਡੀ ਐਂਬੂਲੈਂਸ ਖ਼ਰਾਬ



ਹੈ, ਜਿਸ ਤੇ ਉਨ੍ਹਾਂ ਫ਼ੋਨ ਕੀਤਾ, ਜਿਸ ਉਪਰੰਤ ਐਂਬੂਲੈਂਸ ਆਈ, ਇਸ ਤੇ ਉਹ ਆਪਣੀ ਮਾਤਾ ਨੂੰ ਸਿਵਲ ਹਸਪਤਾਲ ਕਪੂਰਥਲਾ ਐਮਰਜੈਂਸੀ ਵਿਚ ਲੈ ਕੇ ਆਏ, ਜਿਥੇ ਡਿਊਟੀ ਡਾ. ਅਸ਼ੀਸ਼ਪਾਲ ਸਿੰਘ ਵਲੋਂ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ।

## ਰਾਜਪੁਰਾ-ਅੰਬਾਲਾ ਹਾਈਵੇ ਤੇ ਭਿਆਨਕ ਹਾਦਸਾ : ਡੇਢ ਦਰਜਨ ਵਿਅਕਤੀ ਜ਼ਖਮੀ

ਰਾਜਪੁਰਾ, ਲੋਕ ਬਾਣੀ- ਰਾਜਪੁਰਾ-ਅੰਬਾਲਾ ਹਾਈਵੇ ਉਤੇ ਸ਼ੰਭੂ ਨੇੜੇ ਅੱਜ ਦੇਰ ਸ਼ਾਮ ਇਕ ਭਿਆਨਕ ਸੜਕ ਹਾਦਸਾ ਵਾਪਰ ਗਿਆ। ਮੌਕੇ ਉਤੇ ਹਾਜ਼ਰ ਲੋਕਾਂ ਦੇ ਦੱਸਣ ਮੁਤਾਬਕ ਇਕ ਟਰੱਕ ਨੇ ਕਈ ਕਾਰਾਂ ਅਤੇ ਹੋਰ ਵਾਹਨਾਂ ਨੂੰ ਆਪਣੀ ਲਪੇਟ ਵਿਚ ਲੈ ਲਿਆ, ਇਸ ਕਾਰਨ ਡੇਢ ਦਰਜਨ ਦੇ ਕਰੀਬ ਲੋਕ ਫੱਟੜ ਹੋ ਗਏ। ਉਨ੍ਹਾਂ ਨੂੰ ਵੱਖ-ਵੱਖ



ਹਸਪਤਾਲਾਂ ਵਿਚ ਭੇਜਿਆ ਗਿਆ ਹੈ। ਸਿਵਲ ਹਸਪਤਾਲ ਰਾਜਪੁਰਾ ਲਿਆਂਦੇ ਗਏ ਮਰੀਜ਼ਾਂ ਨੂੰ ਸੀਰੀਅਸ ਵੇਖਦੇ ਹੋਏ ਪਟਿਆਲਾ ਤੇ ਚੰਡੀਗੜ੍ਹ ਵਿਖੇ ਰੈਫਰ ਕੀਤਾ ਜਾ ਰਿਹਾ ਹੈ।

GGR RESORTS & CLUBS
BOOK YOUR FAMILY MEMBERSHIP
Special Packages & Pricing:
- Annual Membership Package - ₹165,000.00 (including GST)
- 3-Year Membership Package - ₹350,000.00 (including GST)
- 5-Year Membership Package - ₹550,000.00 (including GST)
- Lifetime (15-Year Tenure) Package - ₹1,550,000.00 (including GST)
Experience a lifetime of relaxation, luxury, and enjoyment at GGR Resorts & Clubs
For further queries contact us today!! 6239000623

ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਯੁੱਧ ਨਸ਼ਿਆਂ ਵਿਰੁੱਧ 19ਵੇਂ ਦਿਨ ਵੀ ਜਾਰੀ: ਪੰਜਾਬ ਪੁਲਿਸ ਵੱਲੋਂ 567 ਥਾਵਾਂ 'ਤੇ ਛਾਪੇਮਾਰੀ, 111 ਨਸ਼ਾ ਤਸਕਰ ਕਾਬੂ




ਚੰਡੀਗੜ੍ਹ-(ਲੋਕ ਬਾਣੀ) ': ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂ ਕੀਤੇ ਗਏ ਯੁੱਧ ਨਸ਼ਿਆਂ ਵਿਰੁੱਧ ਨੂੰ ਲਗਾਤਾਰ 19ਵੇਂ ਦਿਨ ਜਾਰੀ ਰੱਖਦਿਆਂ ਪੰਜਾਬ ਪੁਲਿਸ ਵੱਲੋਂ ਅੱਜ 567 ਥਾਵਾਂ ਤੇ ਛਾਪੇਮਾਰੀ ਕੀਤੀ ਗਈ ਹੈ ਜਿਸ 111 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ 74 ਐਫਆਈਆਰ ਦਰਜ ਕੀਤੀਆਂ ਗਈਆਂ ਹਨ। ਇਸ ਦੇ ਨਾਲ ਹੀ 19 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 2366 ਹੋ ਗਈ ਹੈ।

ਪੁਲਿਸ ਟੀਮਾਂ ਨੇ ਫੜੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ ਚੋਂ 3.5 ਕਿਲੋਗ੍ਰਾਮ ਹੈਰੋਇਨ, 1.6 ਕਿਲੋ ਅਫੀਮ, 2050 ਨਸ਼ੀਲੀਆਂ ਗੋਲੀਆਂ/ਕੈਪਸੂਲ/ਟੀਕੇ ਅਤੇ 52310 ਰੁਪਏ ਦੀ ਡਰੱਗ ਮਨੀ ਵੀ ਬਰਾਮਦ ਕੀਤੀ ਹੈ।

ਇਹ ਆਪ੍ਰੇਸ਼ਨ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਦੇ ਨਿਰਦੇਸ਼ਾਂ 'ਤੇ ਸੂਬੇ ਦੇ ਸਾਰੇ 28 ਪੁਲਿਸ ਜਿਲਿਆਂ ਵਿੱਚ ਇੱਕੋ ਸਮੇਂ ਚਲਾਇਆ ਗਿਆ।

ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਸੀਨੀਅਰ ਸੁਪਰਡੈਂਟ ਆਫ਼ ਪੁਲਿਸ ਨੂੰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਦੇ ਹੁਕਮ ਦਿੱਤੇ ਗਏ ਹਨ। ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਜੰਗ ਦੀ ਨਿਗਰਾਨੀ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਹੇਠ 5 ਮੈਂਬਰੀ ਕੈਬਨਿਟ ਸਬ ਕਮੇਟੀ ਵੀ ਬਣਾਈ ਗਈ ਹੈ।

ਆਪਰੇਸ਼ਨ ਸਬੰਧੀ ਜਾਣਕਾਰੀ ਦਿੰਦਿਆਂ ਸਪੈਸ਼ਲ ਡੀਜੀਪੀ ਲਾਅ ਐਂਡ ਆਰਡਰ ਅਰਪਿਤ ਸ਼ੁਕਲਾ ਨੇ ਦੱਸਿਆ ਕਿ 89 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 1800 ਤੋਂ ਵੱਧ ਪੁਲਿਸ ਮੁਲਾਜ਼ਮਾਂ ਵਾਲੀਆਂ 250 ਤੋਂ ਵੱਧ ਪੁਲਿਸ ਟੀਮਾਂ ਵੱਲੋਂ ਸੂਬੇ ਭਰ ਵਿੱਚ ਛਾਪੇਮਾਰੀ ਕੀਤੀ ਗਈ ਹੈ ਅਤੇ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ 652 ਸ਼ੱਕੀ ਵਿਅਕਤੀਆਂ ਦੀ ਜਾਂਚ ਕੀਤੀ ਗਈ ਹੈ।

ਸਪੈਸ਼ਲ ਡੀਜੀਪੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੂਬੇ 'ਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਪੱਖੀ ਰਣਨੀਤੀ - ਇਨਫੋਰਸਮੈਂਟ, ਡੀ-ਅਡਿਕਸ਼ਨ ਅਤੇ ਪ੍ਰੀਵੈਂਸ਼ਨ (ਈਡੀਪੀ) - ਲਾਗੂ ਕੀਤੀ ਗਈ ਹੈ ਅਤੇ ਪੰਜਾਬ ਪੁਲਿਸ ਵੱਲੋਂ ਇਸ ਰਣਨੀਤੀ ਦੇ 'ਡੀ-ਅਡਿਕਸ਼ਨ' ਹਿੱਸੇ ਵਜੋਂ 1 ਵਿਅਕਤੀ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਇਲਾਜ ਕਰਵਾਉਣ ਲਈ ਪ੍ਰੇਰਿਆ ਗਿਆ ਹੈ, ਜਦਕਿ ਪ੍ਰੀਵੈਂਸ਼ਨ ਹਿੱਸੇ ਤਹਿਤ ਅੱਜ ਸੂਬੇ ਭਰ ਵਿੱਚ 122 ਜਾਗਰੂਕਤਾ ਸਮਾਗਮ ਕਰਵਾਏ ਗਏ।

# ਪੰਜਾਬ ਪੁਲਿਸ ਨੇ ਹਿਰਾਸਤ ਚ ਲਏ ਕਿਸਾਨ ਆਗੂ ਡੱਲੇਵਾਲ ਨੂੰ ਜਲੰਧਰ ਦੇ PIMS ਹਸਪਤਾਲ ਲਿਆਂਦਾ, ਭਾਰੀ ਫੋਰਸ ਤੈਨਾਤ



ਜਲੰਧਰ-(ਲੋਕ ਬਾਣੀ) ਕੇਂਦਰ ਨਾਲ ਕਿਸਾਨਾਂ ਦੀ 7ਵੇਂ ਗੇੜ ਦੀ ਮੀਟਿੰਗ ਬੇਸਿੱਟਾ ਰਹੀ ਇਸ ਮੀਟਿੰਗ ਤੋਂ ਬਾਅਦ ਪੰਜਾਬ ਪੁਲਿਸ ਨੇ ਕਾਰਵਾਈ ਕੀਤੀ ਅਤੇ ਬਾਰਡਰ ਤੋਂ ਕਿਸਾਨਾਂ ਦੇ ਤੰਬੂ ਉਖਾੜ ਦਿੱਤੇ। ਇਸ ਦੌਰਾਨ ਪੁਲਿਸ ਨੇ ਕਈ ਕਿਸਾਨ ਆਗੂਆਂ ਨੂੰ ਹਿਰਾਸਤ ਵਿੱਚ ਲਿਆ। ਪੁਲਿਸ ਨੇ ਕਿਸਾਨ ਆਗੂਆਂ ਸਰਵਣ ਸਿੰਘ ਪੰਧੇਰ ਅਤੇ ਜਗਜੀਤ ਸਿੰਘ ਡੱਲੇਵਾਲ ਨੂੰ ਵੀ ਹਿਰਾਸਤ ਵਿੱਚ ਲਿਆ ਹੈ। ਮਿਲੀ ਜਾਣਕਾਰੀ ਮੁਤਾਬਕ ਪੁਲਿਸ ਨੇ ਦੇਰ ਰਾਤ 2 ਵਜੇ ਡੱਲੇਵਾਲ ਨੂੰ ਜਲੰਧਰ ਦੇ ♦9$♥ ਹਸਪਤਾਲ ਲੈ ਆਈ।ਭਾਵੇਂ ਪੁਲਿਸ ਨੇ ਪਿਮਸ ਹਸਪਤਾਲ ਵਿੱਚ ਡੱਲੇਵਾਲ ਨੂੰ ਲੈ ਕੇ ਆਉਣ ਦੀ ਪੁਸ਼ਟੀ ਨਹੀਂ ਕੀਤੀ, ਪਰ ਹਸਪਤਾਲ ਵਿੱਚ ਭਾਰੀ ਫੋਰਸ ਤਾਇਨਾਤ ਕੀਤੀ ਗਈ ਹੈ। ਜਿਸ ਦੀ ਇੱਕ ਵੀਡੀਓ ਵੀ ਸਾਹਮਣੇ ਆਈ ਹੈ। ਕੁਝ ਗੱਡੀਆਂ ਦੇਰ ਰਾਤ ਹਸਪਤਾਲ ਗਈਆਂ ਹਨ। ਇਸ ਦੌਰਾਨ, ਪੁਲਿਸ ਮਰੀਜ਼ਾਂ ਦੇ ਰਿਸ਼ਤੇਦਾਰਾਂ ਨੂੰ ਹਸਪਤਾਲ ਵਿੱਚ ਦਾਖਲ ਨਹੀਂ ਹੋਣ ਦੇ ਰਹੀ ਹੈ। ਜਿਸ ਕਾਰਨ ਉਨ੍ਹਾਂ ਨੂੰ ਕਾਫ਼ੀ ਮੁਸ਼ਕਲ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਅੱਜ ਸਵੇਰੇ ਵੀ ਇਹ ਦੇਖਿਆ ਜਾ ਸਕਦਾ ਹੈ ਕਿ ਹਸਪਤਾਲ ਦੇ ਬਾਹਰ ਵੱਡੀ ਗਿਣਤੀ ਵਿੱਚ ਪੁਲਿਸ ਤਾਇਨਾਤ ਹੈ । ਡੱਲੇਵਾਲ ਨੂੰ ਪਿਮਸ ਹਸਪਤਾਲ ਵਿੱਚ ਦਾਖਲ ਕਰਵਾਉਣ ਬਾਰੇ ਪੁਲਿਸ ਅਧਿਕਾਰੀਆਂ ਨੇ ਚੁੱਪੀ ਧਾਰੀ ਹੋਈ ਹੈ, ਜਿਸ ਕਾਰਨ ਕੋਈ ਵੀ ਅਧਿਕਾਰੀ ਡੱਲੇਵਾਲ ਨੂੰ ਪਿਮਸ ਹਸਪਤਾਲ ਵਿੱਚ ਦਾਖਲ ਕਰਵਾਉਣ ਬਾਰੇ ਕੋਈ ਬਿਆਨ ਨਹੀਂ ਦੇ ਰਿਹਾ ਹੈ।

# ਫਰੀਦਕੋਟ ਚ ਐਨਕਾਊਂਟਰ ਉਪਰਾਂਤ ਦੋ ਬਦਮਾਸ਼ ਗ੍ਰਿਫ਼ਤਾਰ; ਲਾਰੈਂਸ ਅਤੇ ਜੱਗੂ ਗੈਂਗ ਨਾਲ ਸੀ ਸੰਬੰਧ



(ਲੋਕ ਬਾਣੀ) ਫਰੀਦਕੋਟ ਵਿੱਚ ਇੱਕ ਐਨਕਾਉਂਟਰ ਤੋਂ ਬਾਅਦ ਪੁਲਿਸ ਨੇ ਲਾਰੈਂਸ ਬਿਸ਼ਨੋਈ ਅਤੇ ਜੱਗੂ ਭਗਵਾਨਪੁਰੀਆ ਗੈਂਗ ਨਾਲ ਸਬੰਧਤ ਦੋ ਬਦਮਾਸ਼ਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਦੱਸ ਦਈਏ ਕਿ ਦੋਵੇਂ ਬਦਮਾਸ਼ ਇੱਕ ਸਕਾਰਪੀਓ ਕਾਰ ਵਿੱਚ ਯਾਤਰਾ ਕਰ ਰਹੇ ਸਨ। ਇੱਕ ਬਦਮਾਸ਼ ਦੀ ਲੱਤ ਵਿੱਚ ਗੋਲੀ ਲੱਗੀ ਹੈ ਅਤੇ ਉਸ ਨੂੰ ਇਲਾਜ ਲਈ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ। ਪੁਲਿਸ ਨੇ ਬਦਮਾਸ਼ਾਂ ਤੋਂ 32 ਬੋਰ ਦਾ ਪਿਸਤੌਲ ਅਤੇ ਕਾਰਤੂਸ ਬਰਾਮਦ ਕੀਤੇ ਹਨ। ਬਦਮਾਸ਼ਾਂ ਦੀ ਪਛਾਣ ਸੁਰੇਂਦਰ ਸਿੰਘ ਉਰਫ਼ ਗਗਨੀ ਅਤੇ ਲਖਵਿੰਦਰ ਸਿੰਘ ਉਰਫ਼ ਲੱਖੂ ਵਜੋਂ ਹੋਈ ਹੈ, ਜੋ ਕਿ ਜੈਤੋ ਦੇ ਅੰਬੇਡਕਰ ਨਗਰ ਦੇ ਰਹਿਣ ਵਾਲੇ ਹਨ। ਪੁਲਿਸ ਉਨ੍ਹਾਂ ਤੋਂ ਜਾਣਕਾਰੀ ਇਕੱਠੀ ਕਰ ਰਹੀ ਹੈ।

ਜਾਣਕਾਰੀ ਅਨੁਸਾਰ ਕਾਰ ਵਿੱਚ ਸਵਾਰ ਬਦਮਾਸ਼ਾਂ ਨੇ ਪੁਲਿਸ ਨੂੰ ਦੇਖ ਕੇ ਉਨ੍ਹਾਂ 'ਤੇ ਗੋਲੀਆਂ ਚਲਾ ਦਿੱਤੀਆਂ। ਪੁਲਿਸ ਦੀ ਜਵਾਬੀ ਕਾਰਵਾਈ ਵਿੱਚ ਬਦਮਾਸ਼ ਸੁਰੇਂਦਰ ਸਿੰਘ ਉਰਫ਼ ਗਗਨੀ ਦੀ ਲੱਤ ਵਿੱਚ ਗੋਲੀ ਲੱਗੀ ਅਤੇ ਉਸ ਨੂੰ ਇਲਾਜ ਲਈ ਮੈਡੀਕਲ ਕਾਲਜ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ। ਪੁਲਿਸ ਮੁਕਾਬਲੇ ਦੀ ਖ਼ਬਰ ਮਿਲਦੇ ਹੀ ਜ਼ਿਲ੍ਹਾ ਪੁਲਿਸ ਅਧਿਕਾਰੀ ਮੌਕੇ 'ਤੇ ਪਹੁੰਚ ਗਏ। ਫਰੀਦਕੋਟ ਦੇ ਐਸਐਸਪੀ ਡਾ. ਪ੍ਰਗਿਆ ਜੈਨ ਨੇ ਮੌਕੇ 'ਤੇ ਪਹੁੰਚ ਕੇ ਜਾਣਕਾਰੀ ਇਕੱਠੀ ਕੀਤੀ।

ਮਿਲੀ ਜਾਣਕਾਰੀ ਮੁਤਾਬਕ ਪੁਲਿਸ ਨੂੰ ਬਦਮਾਸ਼ਾਂ ਬਾਰੇ ਸੂਚਨਾ ਮਿਲੀ ਸੀ, ਜਿਸ ਦੇ ਆਧਾਰ 'ਤੇ ਸੀਆਈਏ ਸਟਾਫ਼ ਜੈਤੋ ਦੀ ਪੁਲਿਸ ਪਾਰਟੀ ਨੇ ਚੰਦਭਾਨ ਡਰੇਨ ਪਿੰਡ ਨੇੜੇ ਨਾਕਾਬੰਦੀ ਕੀਤੀ ਸੀ। ਇਸ ਦੌਰਾਨ ਬਠਿੰਡਾ ਵਾਲੇ ਪਾਸਿਓਂ ਇੱਕ ਕਾਲੇ ਰੰਗ ਦੀ ਸਕਾਰਪੀਓ ਕਾਰ ਆਉਂਦੀ ਦਿਖਾਈ ਦਿੱਤੀ। ਪੁਲਿਸ ਨੇ ਉਸ ਨੂੰ ਰੁਕਣ ਦਾ ਇਸ਼ਾਰਾ ਕੀਤਾ। ਰੁਕਣ ਦੀ ਬਜਾਏ ਕਾਰ ਵਿੱਚ ਸਵਾਰ ਲੋਕਾਂ ਨੇ ਪੁਲਿਸ 'ਤੇ ਗੋਲੀਆਂ ਚਲਾ ਦਿੱਤੀਆਂ, ਜੋ ਬੈਰੀਕੇਡਾਂ ਨਾਲ ਟਕਰਾ ਗਈਆਂ। ਕਾਰ ਵਿੱਚੋਂ ਅਚਾਨਕ ਗੋਲੀਬਾਰੀ ਹੋਣ ਕਾਰਨ ਪੁਲਿਸ ਡਰ ਗਈ।

ਇਸ ਕਾਰਵਾਈ ਦੌਰਾਨ ਸੂਚਨਾ ਮਿਲਦੇ ਹੀ ਐਸਐਸਪੀ ਡਾ. ਪ੍ਰਗਿਆ ਜੈਨ ਹੋਰ ਸੀਨੀਅਰ ਪੁਲਿਸ ਅਧਿਕਾਰੀਆਂ ਨਾਲ ਮੌਕੇ 'ਤੇ ਪਹੁੰਚੇ ਅਤੇ ਸਥਿਤੀ ਦਾ ਜਾਇਜ਼ਾ ਲਿਆ। ਇਸ ਮਾਮਲੇ ਵਿੱਚ ਐਸਐਸਪੀ ਡਾ. ਪ੍ਰਗਿਆ ਜੈਨ ਨੇ ਕਿਹਾ ਕਿ ਜ਼ਿਲ੍ਹਾ ਪੁਲਿਸ ਵੱਲੋਂ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਇਸ ਤਹਿਤ ਸਮਾਜ ਵਿਰੋਧੀ ਅਨਸਰਾਂ 'ਤੇ ਨਜ਼ਰ ਰੱਖੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਮੁਕਾਬਲੇ ਤੋਂ ਬਾਅਦ ਗ੍ਰਿਫ਼ਤਾਰ ਕੀਤੇ ਗਏ ਦੋ ਮੁਲਜ਼ਮਾਂ ਵਿੱਚੋਂ ਸੁਰੇਂਦਰ ਸਿੰਘ ਉਰਫ਼ ਗਗਨੀ ਖ਼ਿਲਾਫ਼ ਪਹਿਲਾਂ ਹੀ ਆਰੰਭ ਐਕਟ ਅਤੇ ਐਨਡੀਪੀਐਸ ਐਕਟ ਤਹਿਤ ਮਾਮਲੇ ਦਰਜ ਹਨ ਅਤੇ ਉਸ ਤੋਂ ਪੁੱਛਗਿੱਛ ਕਰਨ ਤੋਂ ਬਾਅਦ ਅਗਲੇਰੀ ਕਾਰਵਾਈ ਕੀਤੀ ਜਾਵੇਗੀ।

# ਸੂਬਾ ਮੀਤ ਪ੍ਰਧਾਨ ਸੰਧਵਾਂ ਦੇ ਘਰ 'ਤੇ ਸਵੇਰੇ 4 ਵਜੇ ਪੁਲਿਸ ਦੀ ਰੇਡ, ਘਰ ਦਾ ਹਰ ਹਿੱਸਾ ਖੰਗਾਲਿਆ




ਚੰਡੀਗੜ੍ਹ, (ਲੋਕ ਬਾਣੀ)ਭਾਰਤੀ ਕਿਸਾਨ ਯੂਨੀਅਨ ਦੋਆਬਾ ਦੇ ਸੂਬਾ ਮੀਤ ਪ੍ਰਧਾਨ ਸਰਦਾਰ ਦਵਿੰਦਰ ਸਿੰਘ ਸੰਧਵਾਂ ਦੇ ਘਰ 'ਤੇ ਅੱਜ ਸਵੇਰੇ ਤਕਰੀਬਨ 4 ਵਜੇ ਪੰਜਾਬ ਪੁਲਿਸ ਵਲੋਂ ਰੇਡ ਕੀਤੀ ਗਈ। ਜਾਣਕਾਰੀ ਅਨੁਸਾਰ, ਪੁਲਿਸ ਨੇ ਸੰਧਵਾਂ ਦੇ ਘਰ ਦੇ ਹਰ ਇੱਕ ਕਮਰੇ ਦੀ ਗਹਿਰੀ ਜਾਂਚ ਕੀਤੀ। ਰੇਡ ਦੌਰਾਨ ਘਰ ਦੇ ਹਰ ਇੱਕ ਹਿੱਸੇ, ਜਿਵੇਂ ਕਿ ਬੈਡਰੂਮ, ਡਰਾਇੰਗ ਰੂਮ, ਰਸੋਈ, ਅਤੇ ਹੋਰ ਕਮਰਿਆਂ ਵਿੱਚ ਪੂਰੀ ਤਲਾਸ਼ੀ ਲਈ ਗਈ।

# ਧਰਨਿਆਂ ਕਾਰਨ ਪੰਜਾਬ ਪਛੜ ਗਿਆ, ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਰੁਜ਼ਗਾਰ ਹੀ ਇੱਕੋ ਇੱਕ ਕਾਰਗਰ ਹੱਲ - ਬਲਤੇਜ ਪੰਨੂ

(ਲੋਕ ਬਾਣੀ) ਨੌਜਵਾਨਾਂ ਦੀਆਂ ਸਮੱਸਿਆਵਾਂ ਸਿਰਫ਼ ਨਸ਼ਿਆਂ ਨੂੰ ਖਤਮ ਕਰਨ ਨਾਲ ਹੀ ਖਤਮ ਨਹੀਂ ਹੋਵੇਗੀ, ਇਸ ਲਈ ਉਨ੍ਹਾਂ ਨੂੰ ਰੁਜ਼ਗਾਰ ਵੀ ਮੁਹੱਈਆ ਕਰਵਾਉਣਾ ਪਵੇਗਾ ਅਤੇ ਇਹ ਉਦਯੋਗ ਅਤੇ ਵਪਾਰ ਤੋਂ ਬਿਨਾਂ ਸੰਭਵ ਨਹੀਂ - ਪੰਨੂਚੰਡੀਗੜ੍ਹ, 20 ਮਾਰਚ- ਆਮ ਆਦਮੀ ਪਾਰਟੀ ਦੇ ਆਗੂ ਬਲਤੇਜ ਪੰਨੂ ਨੇ ਕਿਹਾ ਕਿ ਇਸ ਸਮੇਂ ਪੰਜਾਬ ਨਸ਼ਿਆਂ ਵਿਰੁੱਧ ਸਰਬਪੱਖੀ ਲੜਾਈ ਲੜ ਰਿਹਾ ਹੈ। ਇਹ ਲੜਾਈ ਤੁਹਾਡੇ ਸਹਿਯੋਗ ਤੋਂ ਬਿਨਾਂ ਸੰਭਵ ਨਹੀਂ ਹੈ। ਨਸ਼ਿਆਂ ਖ਼ਿਲਾਫ਼ ਇਹ ਜੰਗ ਸਿਰਫ਼ ਕੁਝ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਨ ਜਾਂ ਨਸ਼ਾ ਤਸਕਰਾਂ ਖ਼ਿਲਾਫ਼ ਕਾਰਵਾਈ ਕਰਨ ਨਾਲ ਖ਼ਤਮ ਨਹੀਂ ਹੋਵੇਗੀ। ਇਸ ਲਈ ਹੋਰ ਕਦਮ ਚੁੱਕਣ ਦੀ ਲੋੜ ਹੈ।

ਆਪ ਆਗੂ ਨੇ ਕਿਹਾ ਕਿ ਪੁਲਿਸ ਵੱਲੋਂ ਕੀਤੀਆਂ ਜਾ ਰਹੀਆਂ ਕਾਰਵਾਈਆਂ ਯਕੀਨੀ ਤੌਰ ਤੇ ਲੋਕਾਂ ਚ ਭਰੋਸਾ ਪੈਦਾ ਕਰ ਰਹੀਆਂ ਹਨ, ਪਿਛਲੇ ਇੱਕ ਮਹੀਨੇ ਦੌਰਾਨ ਤੁਸੀਂ ਦੇਖਿਆ ਹੋਵੇਗਾ ਕਿ ਪੁਲਿਸ ਨੇ ਵੱਖ-ਵੱਖ ਖੇਤਰਾਂ ਚ ਨਸ਼ਾ ਤਸਕਰਾਂ ਵਿਰੁੱਧ ਬਹਾਦਰੀ ਅਤੇ ਸੂਝ-ਬੂਝ ਨਾਲ ਕਾਰਵਾਈ ਕੀਤੀ ਹੈ। ਪਰ ਸਿਰਫ਼ ਨਸ਼ਾ ਵੇਚਣ ਵਾਲਿਆਂ ਨੂੰ ਫੜਨ ਨਾਲ ਇਹ ਸਮੱਸਿਆ ਖ਼ਤਮ ਨਹੀਂ ਹੋਵੇਗੀ।




ਉਨ੍ਹਾਂ ਕਿਹਾ ਕਿ ਜਿਹੜੇ ਲੋਕ ਨਸ਼ਿਆਂ ਦੇ ਆਦੀ ਹੋ ਚੁੱਕੇ ਹਨ, ਉਨ੍ਹਾਂ ਨੂੰ ਇਸ ਦਲਦਲ ਵਿੱਚੋਂ ਬਾਹਰ ਕੱਢਣਾ ਹੋਵੇਗਾ। ਇਹ ਮੰਗ ਅਤੇ ਸਪਲਾਈ ਦਾ ਮਾਮਲਾ ਹੈ ਅਤੇ ਲੋਕਾਂ ਨੂੰ ਨਸ਼ਿਆਂ ਤੋਂ ਦੂਰ ਕਰਨ ਲਈ ਸਭ ਤੋਂ ਜ਼ਰੂਰੀ ਕੰਮ ਰੁਜ਼ਗਾਰ ਪ੍ਰਦਾਨ ਕਰਨਾ ਹੈ। ਜਦੋਂ ਨੌਜਵਾਨਾਂ ਦੇ ਹੱਥੋਂ ਨਸ਼ੇ ਦੀਆਂ ਸੂਈਆਂ ਖੋਹ ਕੇ ਕੰਮ ਅਤੇ ਟਿਫ਼ਨ ਦਿੱਤੇ ਜਾਣਗੇ ਤਾਂ ਉਹ ਜਲਦੀ ਹੀ ਨਸ਼ਾ ਛੱਡ ਦੇਣਗੇ।

ਉਨ੍ਹਾਂ ਕਿਹਾ ਕਿ ਸਰਕਾਰ ਇਸ ਦਿਸ਼ਾ ਵਿੱਚ ਹਰ ਸੰਭਵ ਯਤਨ ਕਰ ਰਹੀ ਹੈ। 50 ਹਜ਼ਾਰ ਤੋਂ ਵੱਧ ਨੌਕਰੀਆਂ ਬਿਨਾਂ ਸਿਫ਼ਾਰਸ਼ ਅਤੇ ਰਿਸ਼ਵਤ ਦੇ ਦਿੱਤੀਆਂ ਗਈਆਂ ਹਨ। ਪਰ ਇਸ ਦੌਰ ਵਿੱਚ ਨਿੱਜੀ ਖੇਤਰ ਦੀ ਭੂਮਿਕਾ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ। ਪਿਛਲੇ ਕੁਝ ਸਾਲਾਂ ਵਿੱਚ ਪੰਜਾਬ ਵਿੱਚ ਉਦਯੋਗੀ ਅਤੇ ਵਪਾਰ ਵਿੱਚ ਭਾਰੀ ਗਿਰਾਵਟ ਆਈ ਹੈ। 2003 ਵਿੱਚ, ਪੰਜਾਬ ਭਾਰਤ ਦੇ ਜੀਡੀਪੀ ਵਿੱਚ ਸਭ ਤੋਂ ਵੱਧ ਯੋਗਦਾਨ ਪਾਉਣ ਵਾਲਾ ਸੂਬਾ ਸੀ, ਪਰ ਅੱਜ ਇਹ 19ਵੇਂ ਸਥਾਨ ਤੇ ਹੈ।

ਉਨ੍ਹਾਂ ਕਿਹਾ ਕਿ ਨਸ਼ੇ ਦੀ ਸਮੱਸਿਆ ਅਤੇ ਬੇਰੁਜ਼ਗਾਰੀ ਆਪਸ ਵਿੱਚ ਜੁੜੇ ਹੋਏ ਹਨ। ਬੇਰੁਜ਼ਗਾਰੀ ਨਸ਼ਿਆਂ ਦਾ ਸਭ ਤੋਂ ਵੱਡਾ ਕਾਰਨ ਹੈ। ਹਾਈਵੇਅ ਅਤੇ ਸੜਕਾਂ ਬੰਦ ਹੋਣ ਕਾਰਨ ਉਦਯੋਗ ਅਤੇ ਕਾਰੋਬਾਰ ਬੁਰੀ ਤਰ੍ਹਾਂ ਪ੍ਰਭਾਵਿਤ ਹੋਏ ਹਨ। ਇਸ ਲਈ ਮੈਂ ਕਿਸਾਨਾਂ ਨੂੰ ਅਪੀਲ ਕਰਦਾ ਹਾਂ ਕਿ ਉਹ ਦਿੱਲੀ ਵਿੱਚ ਕੇਂਦਰ ਸਰਕਾਰ ਖ਼ਿਲਾਫ਼ ਸੰਘਰਸ਼ ਕਰਨ ਕਿਉਂਕਿ ਪੰਜਾਬ ਦੀਆਂ ਸੜਕਾਂ ਬੰਦ ਕਰਨ ਨਾਲ ਕੇਂਦਰ ਸਰਕਾਰ 'ਤੇ ਕੋਈ ਅਸਰ ਨਹੀਂ ਪਵੇਗਾ। ਪਰ ਇਸ ਨਾਲ ਇੱਥੋਂ ਦੀ ਆਰਥਿਕ ਸਥਿਤੀ ਹੋਰ ਵਿਗੜ ਜਾਵੇਗੀ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਅਤੇ ਪੰਜਾਬ ਦੇ ਲੋਕ ਕਿਸਾਨਾਂ ਨਾਲ ਮਜ਼ਬੂਤੀ ਨਾਲ ਖੜ੍ਹੇ ਹਨ ਅਤੇ ਅੱਗੇ ਵੀ ਕਰਦੇ ਰਹਿਣਗੇ ਪਰ ਇਸ ਤਰ੍ਹਾਂ ਸੜਕਾਂ ਜਾਮ ਕਰਕੇ ਲੜਾਈ ਨਹੀਂ ਜਿੱਤੀ ਜਾ ਸਕਦੀ। ਇਸ ਕਾਰਨ ਆਮ ਲੋਕ ਅਤੇ ਕਾਰੋਬਾਰੀ ਪ੍ਰੇਸ਼ਾਨ ਹੋ ਰਹੇ ਹਨ ਅਤੇ ਪੰਜਾਬ ਨੂੰ ਭਾਰੀ ਆਰਥਿਕ ਨੁਕਸਾਨ ਹੋ ਰਿਹਾ ਹੈ।

# 13 ਮਹੀਨਿਆਂ ਤੋਂ ਬੰਦ ਸ਼ੰਭੂ ਬਾਰਡਰ ਖੋਲ੍ਹਿਆ, ਪੁਲਸ ਦੀ ਕਰਵਾਈ ਦੇ ਬਾਅਦ ਸ਼ੰਭੂ ਬਾਰਡਰ ਆਵਾਜਾਈ ਲਈ ਖੋਲ੍ਹਿਆ



ਚੰਡੀਗੜ੍ਹ- (ਲੋਕ ਬਾਣੀ) ਹਰਿਆਣਾ-ਪੰਜਾਬ ਦੀ ਸ਼ੰਭੂ ਸਰਹੱਦ ਦੀ ਇਕ ਲੇਨ ਆਵਾਜਾਈ ਲਈ ਖੋਲ੍ਹ ਦਿੱਤੀ ਗਈ ਹੈ। ਹੁਣ ਲੋਕ ਪੰਜਾਬ ਦੇ ਰਾਜਪੁਰਾ ਤੋਂ ਹਰਿਆਣਾ ਦੇ ਅੰਬਾਲਾ-ਦਿੱਲੀ ਤੱਕ ਜਾ ਸਕਦੇ ਹਨ। ਹਰਿਆਣਾ ਪੁਲਿਸ ਫਿਲਹਾਲ ਦੂਜੀ ਲੇਨ ਤੋਂ ਬੈਰੀਕੇਡ ਹਟਾ ਰਹੀ ਹੈ। ਕਿਸਾਨਾਂ ਦੇ ਅੰਦੋਲਨ ਕਾਰਨ ਇਹ ਸਰਹੱਦ 13 ਮਹੀਨਿਆਂ ਤੋਂ ਬੰਦ ਸੀ।

ਇਸ ਦੌਰਾਨ ਉਥੋਂ ਦੀ ਲੰਘਦੀਆਂ ਹੋਈਆਂ ਗੱਡੀਆਂ ਵਿੱਚ ਬੈਠੇ ਯਾਤਰੀ ਤੇ ਡਰਾਈਵਰਾਂ ਨੂੰ ਗੱਲਬਾਤ ਕਰਦਿਆਂ ਹੋਇਆ ਉਹਨਾਂ ਨੇ ਆਪਣੀ ਖੁਸ਼ੀ ਦਾ ਇਜ਼ਹਾਰ ਕੀਤਾ।ਨੈਸ਼ਨਲ ਲਾਈਵ ਤੇ ਪੈਂਦੇ ਹੋਏ ਢਾਬੇ ਦੇ ਮਾਲਕਾਂ ਵੱਲੋਂ ਵੀ ਸਰਕਾਰ ਦੀ ਇਸ ਕਾਰਗੁਜ਼ਾਰੀ ਤੇ ਸਰਕਾਰ ਦੀ ਪ੍ਰਸ਼ੰਸਾ ਕੀਤੀ ਹੈ ਤੇ ਕਿਹਾ ਕਿ ਇਹ ਰਸਤਾ ਖੁੱਲਣ ਦੇ ਨਾਲ ਲੋਕਾਂ ਦੇ ਰੋਜ਼ਗਾਰ ਤੇ ਬਹੁਤ ਫਰਕ ਪਵੇਗਾ ਤੇ ਜੋ ਕਾਫ਼ੀ ਟਾਈਮ ਦਾ ਰੁਕਿਆ ਹੋਇਆ ਰੋਜ਼ਗਾਰ ਹੁਣ ਦੁਬਾਰਾ ਲੀ ਤੇ ਆਵੇ। ਐਸਡੀਐਮ ਰਾਜਪੁਰਾ ਅਵਿਕੇਸ਼ ਗੁਪਤਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇੱਕ ਸਾਈਡ ਦਾ ਰਸਤਾ ਖੋਲ ਦਿੱਤਾ ਗਿਆ ਤੇ ਦੂਸਰੀ ਸਾਈਡ ਦੇ ਰਸਤੇ ਵਾਸਤੇ ਐਨਐਚਆਈ ਤੇ ਹੋਰ ਸੰਬੰਧਿਤ ਵਿਭਾਗਾਂ ਨਾਲ ਗੱਲ ਕਰਕੇ ਰਸਤਾ ਖੋਲ ਜਾਵੇਗਾ।

# ਮਹਿਲਾ ਕਮਿਸ਼ਨ ਦੀ ਚੇਅਰਪਰਸਨ ਅਤੇ ਵਿਸ਼ੇਸ਼ ਡੀ.ਜੀ.ਪੀ. ਵਲੋਂ ਲੋਕ ਅਦਾਲਤ ਚ ਔਰਤਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ

ਲੁਧਿਆਣਾ, (ਲੋਕ ਬਾਣੀ) - ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰਾਜ ਲਾਲੀ ਗਿੱਲ ਵੱਲੋਂ ਕਮਿਊਨਿਟੀ ਅਫੇਅਰਜ਼ ਡਿਵੀਜ਼ਨ ਅਤੇ ਮਹਿਲਾ ਮਾਮਲਿਆਂ ਦੀ ਵਿਸ਼ੇਸ਼ ਡੀ.ਜੀ.ਪੀ. ਗੁਰਪ੍ਰੀਤ ਕੌਰ ਦਿਓ ਦੇ ਨਾਲ ਮਿਲ ਕੇ ਪੁਲਿਸ ਲਾਈਨਜ਼ ਵਿਖੇ ਲਗਾਈ ਗਈ ਲੋਕ ਅਦਾਲਤ ਦੌਰਾਨ ਔਰਤਾਂ ਦੀਆ ਸ਼ਿਕਾਇਤਾਂ ਸੁਣੀਆ।

ਇਸ ਲੋਕ ਅਦਾਲਤ ਦੌਰਾਨ, ਚੇਅਰਪਰਸਨ ਰਾਜ ਲਾਲੀ ਗਿੱਲ ਅਤੇ ਵਿਸ਼ੇਸ਼ ਡੀ.ਜੀ. ਪੀ. ਗੁਰਪ੍ਰੀਤ ਕੌਰ ਦਿਓ ਨੇ ਘਰੇਲੂ ਹਿੰਸਾ, ਪਰਿਵਾਰਕ ਝਗੜਿਆਂ, ਦਾਜ ਅਤੇ ਹੋਰ ਬਹੁਤ ਸਾਰੀਆਂ ਸ਼ਿਕਾਇਤਾਂ ਦੀ ਧਿਆਨ ਨਾਲ ਸੁਣਵਾਈ ਕੀਤੀ। ਇਸ ਸਮਾਗਮ ਨੂੰ ਭਰਵਾਂ ਹੁੰਗਾਰਾ ਮਿਲਿਆ, ਜਿਸ ਵਿੱਚ 60 ਤੋਂ ਵੱਧ ਔਰਤਾਂ ਸ਼ਾਮਲ ਹੋਈਆਂ ਅਤੇ ਵਧੇਰੇ ਸ਼ਿਕਾਇਤਾਂ ਦਾ ਮੌਕੇ ਤੇ ਹੀ ਨਿਪਟਾਰਾ ਕੀਤਾ ਗਿਆ।

ਡੀ.ਸੀ.ਪੀ. ਰੁਪਿੰਦਰ ਸਿੰਘ ਅਤੇ ਹੋਰਾਂ ਸਮੇਤ ਸੀਨੀਅਰ ਪੁਲਿਸ ਅਧਿਕਾਰੀ ਸ਼ਿਕਾਇਤਕਰਤਾਵਾਂ ਨੂੰ ਮੌਕੇ ਤੇ ਹੱਲ ਅਤੇ ਮਾਰਗਦਰਸ਼ਨ ਪ੍ਰਦਾਨ ਕਰਨ ਲਈ ਮੌਜੂਦ ਸਨ।

ਮੀਡੀਆ ਨੂੰ ਸੰਬੋਧਨ ਕਰਦਿਆਂ, ਚੇਅਰਪਰਸਨ ਨੇ ਕਿਹਾ ਕਿ ਇਸ ਪਹਿਲਕਦਮੀ ਦਾ ਉਦੇਸ਼ ਔਰਤਾਂ ਦੇ ਅਧਿਕਾਰਾਂ ਦੀ ਰੱਖਿਆ ਕਰਨਾ ਅਤੇ ਉਨ੍ਹਾਂ ਦੀਆਂ ਚਿੰਤਾਵਾਂ ਦੇ ਜਲਦ ਹੱਲ ਲਈ ਇੱਕ ਪਲੇਟਫਾਰਮ ਪ੍ਰਦਾਨ ਕਰਨਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਸਰਕਾਰ ਔਰਤਾਂ ਨੂੰ ਅਪਰਾਧਾਂ ਅਤੇ ਕਿਸੇ ਵੀ ਤਰ੍ਹਾਂ ਦੇ ਸ਼ੋਸ਼ਣ ਤੋਂ ਬਚਾਉਣ ਲਈ ਸਮਰਪਿਤ ਹੈ। ਇਸ ਤੋਂ ਇਲਾਵਾ, ਉਨ੍ਹਾਂ ਜ਼ਿਕਰ ਕੀਤਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਔਰਤਾਂ ਦੇ ਮੁੱਦਿਆਂ ਅਤੇ ਚੁਣੌਤੀਆਂ ਨੂੰ ਹੱਲ ਕਰਨ ਲਈ ਪੂਰੀ ਮਿਹਨਤ ਕਰ ਰਹੇ ਹਨ।

ਵਿਸ਼ੇਸ਼ ਡੀ.ਜੀ.ਪੀ. ਗੁਰਪ੍ਰੀਤ ਕੌਰ ਦਿਓ ਨੇ ਸਪੱਸ਼ਟ ਕੀਤਾ ਕਿ ਸੂਬੇ ਦੇ ਹਰ ਜ਼ਿਲ੍ਹੇ ਵਿੱਚ ਇਸੇ ਤਰ੍ਹਾਂ ਦੀਆ ਲੋਕ ਅਦਾਲਤਾਂ ਆਯੋਜਿਤ ਕੀਤੀਆਂ ਜਾਣਗੀਆਂ, ਜਿਸ ਵਿੱਚ ਜਾਗਰੂਕਤਾ ਪੈਦਾ ਕਰਨ ਦੇ ਯਤਨ ਕੀਤੇ ਜਾਣਗੇ ਤਾਂ ਜੋ ਵੱਧ ਤੋਂ ਵੱਧ ਔਰਤਾਂ ਇਨ੍ਹਾਂ ਪਹਿਲਕਦਮੀਆਂ ਤੋਂ ਲਾਭ ਉਠਾ ਸਕਣ।

ਬਾਅਦ ਵਿੱਚ, ਚੇਅਰਪਰਸਨ ਅਤੇ ਵਿਸ਼ੇਸ਼ ਡੀ.ਜੀ.ਪੀ. ਦੋਵਾਂ ਨੇ ਸਿਵਲ ਹਸਪਤਾਲ ਦੇ ਐਮਰਜੈਂਸੀ ਵਾਰਡ ਵਿੱਚ ਘਰੇਲੂ ਹਿੰਸਾ ਦੇ ਪੀੜਤਾਂ ਦੀ ਸਹਾਇਤਾ ਕਰਨ ਦੇ ਉਦੇਸ਼ ਨਾਲ ਸਾਂਝ ਰਾਹਤ ਪ੍ਰੋਜੈਕਟ ਦੇ ਦੂਜੇ ਪੜਾਅ ਦੀ ਸ਼ੁਰੂਆਤ ਕੀਤੀ। ਵਾਰਡ ਦੇ ਸਾਂਝ ਰਾਹਤ ਸੈਂਟਰ ਵਿਖੇ, ਦੋ ਕੌਂਸਲਰਾਂ ਅਤੇ ਦੋ ਮਹਿਲਾ



ਪੁਲਿਸ ਅਧਿਕਾਰੀਆਂ ਨੂੰ ਸਹਾਇਤਾ ਦੀ ਮੰਗ ਕਰਨ ਵਾਲੀਆਂ ਘਰੇਲੂ ਹਿੰਸਾ ਪੀੜਤਾਂ ਨੂੰ ਸਹਾਇਤਾ ਅਤੇ ਸਲਾਹ ਪ੍ਰਦਾਨ ਕਰਨ ਲਈ ਨਿਯੁਕਤ ਕੀਤਾ ਗਿਆ ਹੈ।

ਇਹ ਪ੍ਰੋਜੈਕਟ ਘਰੇਲੂ ਹਿੰਸਾ ਤੋਂ ਪ੍ਰਭਾਵਿਤ ਔਰਤਾਂ ਨੂੰ ਹਿੰਸਾ-ਮੁਕਤ ਜੀਵਨ ਜਿਊਣ ਵਿੱਚ ਮਦਦ ਕਰਨ ਲਈ ਜ਼ਰੂਰੀ ਮਾਨਸਿਕ-ਸਮਾਜਿਕ ਅਤੇ ਕਾਨੂੰਨੀ ਸਹਾਇਤਾ ਪ੍ਰਦਾਨ ਕਰਕੇ ਸਸ਼ਕਤੀਕਰਨ ਤੇ ਕੇਂਦ੍ਰਤ ਕਰਦਾ ਹੈ। ਇਹ ਪਹਿਲ ਇੰਦੌਰ-ਅਧਾਰਤ ਐਨ.ਜੀ.ਓ. ਨਈ ਸ਼ੁਰੂਆਤ ਦੇ ਸਹਿਯੋਗ ਨਾਲ ਲਾਗੂ ਕੀਤੀ ਗਈ ਹੈ ਅਤੇ ਇਸ ਵਿੱਚ ਸਿਹਤ ਵਿਭਾਗ, ਸਮਾਜਿਕ ਸੁਰੱਖਿਆ ਅਤੇ ਮਹਿਲਾ ਅਤੇ ਬਾਲ ਵਿਕਾਸ ਵਿਭਾਗ, ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਅਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵਰਗੇ ਮੁੱਖ ਭਾਈਵਾਲ ਸ਼ਾਮਲ ਹਨ।

# ਅਪੰਗਤਾ ਸਰਟੀਫਿਕੇਟ ਬਣਾਉਣ ਲਈ ਅਹਿਮਦਗੜ੍ਹ ਵਿਖੇ ਲਗਾਇਆ ਗਿਆ ਵਿਸ਼ੇਸ਼ ਜਾਂਚ ਕੈਂਪ



ਅਹਿਮਦਗੜ੍ਹ /ਮਾਲੇਰਕੋਟਲਾ -(ਕਿੱਮੀ ਅਰੋੜਾ,ਅਸਲਮ ਨਾਜ਼) ਅਪੰਗ ਵਿਅਕਤੀਆਂ ਦੇ ਪੈਂਡਿੰਗ ਕੇਸਾਂ ਦੇ ਮੁਲਾਂਕਣ ਲਈ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਦੇ ਨਿਰਦੇਸ਼ਾਂ ਅਨੁਸਾਰ ਸਮੁਦਾਇਕ ਸਿਹਤ ਕੇਂਦਰ ਅਹਿਮਦਗੜ੍ਹ ਵਿਖੇ ਵਿਸ਼ੇਸ਼ ਕੈਂਪ ਲਗਾਇਆ ਗਿਆ। ਸਿਵਲ ਸਰਜਨ ਡਾ. ਸੰਜੇ ਗੋਇਲ ਨੇ ਦੱਸਿਆ ਪੰਜਾਬ ਸਰਕਾਰ ਵੱਲੋਂ ਅਪਾਹਜ ਵਿਅਕਤੀਆਂ ਦੇ ਅਪੰਗਤਾ ਸਰਟੀਫਿਕੇਟ ਬਣਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ ਤਾਂ ਜੋ ਉਹ ਸਰਕਾਰ ਦੀਆਂ ਸਕੀਮਾਂ ਦਾ ਲਾਭ ਪ੍ਰਾਪਤ ਕਰ ਸਕਣ। ਲੋਕਾਂ ਨੂੰ ਸਰਟੀਫਿਕੇਟ ਬਣਾਉਣ ਲਈ ਦੋ ਤਿੰਨ ਸਥਾਨਾਂ ਤੇ ਜਾਣਾ ਪੈਂਦਾ ਸੀ, ਜਿਸ ਕਾਰਨ ਲਾਭਪਾਤਰੀ ਫਾਇਦਾ ਲੈਣ ਤੋਂ ਰਹਿ ਜਾਂਦੇ ਸਨ। ਹੁਣ ਵਿਭਾਗ ਵੱਲੋਂ ਲੋਕਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦੇ ਹੋਏ ਇਹ ਵਿਸ਼ੇਸ਼ ਕੈਂਪ ਲਗਾਇਆ ਗਿਆ ਜਿਸ 'ਚ ਅੱਖਾਂ ਦੇ ਮਾਹਿਰ ਡਾਕਟਰ ਪੁਨੀਤ ਸਿੱਧੂ ਅਤੇ ਹੱਡੀਆਂ ਦੇ ਮਾਹਿਰ ਡਾਕਟਰ ਹੇਮੰਤ ਕੁਮਾਰ ਵਲੋਂ 60 ਅੰਗਹੀਣ ਵਿਅਕਤੀਆਂ ਦਾ ਮੁਲਾਂਕਣ ਕੀਤਾ ਗਿਆ। ਸਹਾਇਕ ਸਿਵਲ ਸਰਜਨ ਡਾ. ਸਜੀਲਾ ਖਾਂ ਨੇ ਕਿਹਾ ਕਿ ਲੋਕਾਂ ਨੂੰ ਵਿਭਾਗ ਵੱਲੋਂ ਲਗਾਏ ਜਾ ਰਹੇ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਉਠਾਉਣਾ ਚਾਹੀਦਾ ਹੈ। ਵਿਭਾਗ ਵੱਲੋਂ ਪਿੰਡਾਂ 'ਚ ਜਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਜਾਂਦਾ ਹੈ ਕਿ ਜੋ ਵਿਅਕਤੀ ਅਪਾਹਜ ਹੈ ਉਹ ਅਪੰਗਤਾ ਸਰਟੀਫਿਕੇਟ ਜ਼ਰੂਰ ਬਣਵਾਉਣ ਤਾਂ ਜੋ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸੇਵਾਵਾਂ ਦਾ ਲਾਹਾ ਲੈ ਸਕਣ। ਇਸ ਮੌਕੇ ਸੀਨੀਅਰ ਮੈਡੀਕਲ ਅਫਸਰ ਡਾਕਟਰ ਜਯੋਤੀ ਕਪੂਰ, ਮਾਸ ਮੀਡੀਆ ਤੋਂ ਬੀ.ਈ.ਈ ਰਣਬੀਰ ਸਿੰਘ ਢੰਡੇ ਤੇ ਮੁਹੰਮਦ ਰਾਸ਼ਿਦ ਤੋਂ ਇਲਾਵਾ ਮੁਲਾਂਕਣ ਕਰਵਾਉਣ ਆਏ ਲੋੜਵੰਦ ਮੌਜੂਦ ਸਨ

# ਐਸ.ਐਮ.ਓ ਸਿਵਲ ਹਸਪਤਾਲ ਫਗਵਾੜਾ ਡਾ ਪਰਮਿੰਦਰ ਕੌਰ ਨੂੰ ਮੰਗ ਪੱਤਰ ਦਿੰਦੇ ਹੋਏ ਨੈਸ਼ਨਲ ਹੈਲਥ ਮਿਸ਼ਨ ਦੇ ਕਰਮਚਾਰੀ



ਫਗਵਾੜਾ ( ਸੁਸ਼ੀਲ ਸ਼ਰਮਾ ) ਨੈਸ਼ਨਲ ਹੈਲਥ ਮਿਸ਼ਨ ਦੇ ਕਰਮਚਾਰੀ ਪੰਜਾਬ ਸਰਕਾਰ ਵੱਲੋਂ ਮੰਨੀਆਂ ਹੋਈਆਂ ਮੰਗਾਂ ਪੂਰੀਆਂ ਨਾ ਹੋਣ ਦੇ ਰੋਸ ਵਜੋਂ ਐਨ.ਐਚ.ਐਮ ਕਰਮਚਾਰੀਆਂ ਵੱਲੋਂ ਮਿਤੀ 24-03-25 ਤੋਂ 26-03-25 ਤੱਕ ਤਿੰਨ ਦਿਨਾਂ ਕੰਮ ਛੱਡੋ/ਪੈੱਨ ਡਾਊਨ ਹੜਤਾਲ ਤੇ ਜਾਣ ਦਾ ਫੈਸਲਾ ਪਿਛਲੇ ਦਿਨੀਂ ਐਨ.ਐਚ.ਐਮ ਇੰਪਲਾਇਜ ਯੂਨੀਅਨ ਪੰਜਾਬ ਦੀ ਆਨ ਲਾਈਨ ਮੀਟਿੰਗ ਡਾ ਵਾਹਿਦ ਮੁਹੰਮਦ ਸੂਬਾ ਪ੍ਰਧਾਨ ਦੀ ਅਗਵਾਈ ਹੇਠ ਹੋਈ,ਇਸ ਮੀਟਿੰਗ ਦੌਰਾਨ ਸੂਬਾ ਕਮੇਟੀ ਮੈਂਬਰਾਂ ਅਤੇ ਵੱਖ ਵੱਖ ਜਿਲਿਆਂ ਦੇ ਆਗੂਆਂ ਨੇ ਭਾਗ ਲਿਆ ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਡਾ.ਵਾਹਿਦ ਮੁਹੰਮਦ ਨੇ ਕਿਹਾ ਕਿ ਪੰਜਾਬ ਸਰਕਾਰ ਸਿਹਤ ਵਿਭਾਗ ਦੇ ਪ੍ਰਮੁੱਖ ਸਕੱਤਰ ਨੇ ਮਿਤੀ 31/01/2025 ਨੂੰ ਪੱਤਰ ਜਾਰੀ ਕਰਕੇ ਦੋ ਮਹੀਨਿਆਂ ਦੇ ਅੰਦਰ-ਅੰਦਰ ਤਨਖਾਹਾਂ ਵਿੱਚ ਵਾਧੇ ਅਤੇ ਕਮਾਈ ਛੁੱਟੀ ਦੇਣ ਦਾ ਵਾਅਦਾ ਕੀਤਾ ਸੀ ਪਰੰਤੂ ਬੜੇ ਹੀ ਦੁੱਖ ਦੀ ਗੱਲ ਹੈ ਕਿ ਵਿਭਾਗ ਦੇ ਉੱਚ ਅਧਿਕਾਰੀਆਂ ਨੇ ਇਹਨਾਂ ਮੰਗਾਂ ਨੂੰ ਪੂਰਾ ਕਰਨ ਸਬੰਧੀ ਕੋਈ ਵੀ ਪੱਤਰ ਜਾਰੀ ਨਹੀਂ ਕੀਤਾ ਜਿਸ ਕਾਰਨ ਐਨ.ਐਚ.ਐਮ ਕਰਮਚਾਰੀਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ ਅਤੇ ਕਰਮਚਾਰੀ ਭਾਰੀ ਸਦਮੇ ਵਿਚ ਹਨ ਜਿਸ ਦੇ ਰੋਸ ਵਜੋਂ ਐਨ.ਐਚ.ਐਮ ਕਰਮਚਾਰੀਆਂ ਵੱਲੋਂ ਮਿਤੀ 24-03-25 ਤੋਂ 26-03-25 ਤੱਕ ਕੰਮ ਛੱਡੋ/ਪੈੱਨ ਡਾਊਨ ਹੜਤਾਲ ਤੇ ਜਾਣ ਦਾ ਫੈਸਲਾ ਕੀਤਾ ਅਤੇ ਇਹਨਾਂ ਤਿੰਨ ਦਿਨਾਂ ਦੀ ਕੰਮ ਛੱਡੋ ਹੜਤਾਲ ਦੌਰਾਨ ਐਨ.ਐਚ.ਐਮ ਕਰਮਚਾਰੀਆਂ ਸਿਹਤ ਸੰਸਥਾਵਾਂ ਵਿਖੇ ਐਨ.ਸੀ.ਡੀ ਸਕਰੀਨਿੰਗ ਕੰਪੇਨ,ਟੀ ਬੀ ਕੰਪੇਨ, ਓ.ਪੀ.ਡੀ,ਕਲੀਨੀਕਲ ਡਿਊਟੀਆਂ, ਦਫਤਰੀ ਰਿਪੋਰਟਿੰਗ ਦਾ ਕੰਮ,ਆਨ ਲਾਈਨ ਅਤੇ ਆਫ ਲਾਈਨ ਟਰੇਨਿੰਗਾਂ ਦਾ ਕੰਮ ਪੂਰੀ ਤਰਾਂ ਠੱਪ ਰੱਖਿਆ ਜਾਵੇਗਾ ਇਸ ਤੋਂ ਇਲਾਵਾ ਪੰਜਾਬ ਸਰਕਾਰ ਵੱਲੋਂ ਐਨ.ਐਚ.ਐਮ ਕਰਮਚਾਰੀਆਂ ਦੀ ਪਿਛਲੇ ਤਿੰਨ ਸਾਲਾਂ ਤੋਂ ਅਣਦੇਖੀ ਕੀਤੇ ਜਾਣ ਕਾਰਨ ਲੁਧਿਆਣਾ ਵਿਖੇ ਪੰਜਾਬ ਸਰਕਾਰ ਵਿਰੁੱਧ ਘਰ-ਘਰ ਪਰਚੇ ਵੰਡ ਕੇ ਸਰਕਾਰ ਦੀ ਪੋਲ ਖੋਲਣ ਲਈ ਰੋਸ ਪ੍ਰਦਰਸ਼ਨ ਕੀਤੇ ਜਾਣਗੇ ਇਸ ਦੌਰਾਨ ਆਗੂਆਂ ਨੇ ਮੰਗ ਕਰਦਿਆਂ ਕਿਹਾ ਕਿ ਐਨ.ਐਚ.ਐਮ ਕਰਮਚਾਰੀਆਂ ਦੀਆਂ ਤਨਖਾਹਾਂ ਵਿੱਚ ਤੁਰੰਤ ਵਾਧਾ ਕੀਤਾ ਜਾਵੇ ਅਤੇ ਕਮਾਈ ਛੁੱਟੀ ਦਾ ਪੱਤਰ ਤੁਰੰਤ ਜਾਰੀ ਕੀਤਾ ਜਾਵੇ ਇਸ ਮੌਕੇ ਡਾਕਟਰ ਪ੍ਰਬਜੋਤ ਜੱਬਲ, ਡਾਕਟਰ ਜਤਿੰਦਰ ਸੰਧੂ, ਰਜੇਸ਼ ਕੁਮਾਰ, ਜਗਦੀਪ ਕੁਮਾਰ, ਕਮਿਊਨਿਟੀ ਹੈਲਥ ਅਫ਼ਸਰ ਆਦਿ ਹਾਜਰ ਸਨ

# ਸਰਕਾਰੀ ਸਕੂਲ ਜਗਤਪੁਰ ਜੱਟਾਂ ਵਿਖੇ ਨਵੇਂ ਟਰੈਕ ਦਾ ਨਿਰਮਾਣ ਕਾਰਜ ਆਰੰਭਿਆ



ਫਗਵਾੜਾ ( ਸੁਸ਼ੀਲ ਸ਼ਰਮਾ ) ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜਗਤਪੁਰ ਜੱਟਾਂ ਵਿਖੇ ਇੰਚਾਰਜ ਸ੍ਰੀਮਤੀ ਊਸ਼ਾ ਰਾਣੀ ਦੀ ਅਗਵਾਈ ਵਿੱਚ ਨਵੇਂ ਟਰੈਕ ਦਾ ਨਿਰਮਾਣ ਕਾਰਜ ਸ਼ੁਰੂ ਕੀਤਾ ਗਿਆ। ਇਸ ਮੌਕੇ ਗ੍ਰਾਮ ਪੰਚਾਇਤ ਜਗਤਪੁਰ ਜੱਟਾਂ ਦੇ ਸਰਪੰਚ ਕੁਲਦੀਪ ਕੁਮਾਰ, ਰਣਬੀਰ ਸਿੰਘ ਪਾਂਗਲੀ ਆਗੂ ਆਮ ਆਦਮੀ ਪਾਰਟੀ, ਨੇ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਸੁਧਾਰ ਕਰਨ ਲਈ ਬਚਨਬੱਧ ਹੈ। ਇਸ ਕਰਕੇ ਸਰਕਾਰ ਵੱਲੋਂ ਸਿੱਖਿਆ ਨੂੰ ਸਮੇਂ ਦਾ ਹਾਣੀ ਬਣਾਉਣ ਲਈ ਯਤਨ ਕੀਤੇ ਜਾ ਰਹੇ ਹਨ ਉੱਥੇ ਵਿਦਿਆਰਥੀਆਂ ਅੰਦਰ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਵੱਖ -ਵੱਖ ਖੇਡ ਮੈਦਾਨ ਬਣਾਉਣ ਲਈ ਸਕੂਲਾਂ ਨੂੰ ਗ੍ਰਾਂਟਾਂ ਜਾਰੀ ਕੀਤੀਆਂ ਜਾ ਰਹੀਆਂ ਹਨ ਤਾਂ ਜੋ ਨਸ਼ਾ ਮੁਕਤ ਪੰਜਾਬ ਦਾ ਸੁਪਨਾ ਸਾਕਾਰ ਕੀਤਾ ਜਾ ਸਕੇ।ਕਾਰਜ ਆਰੰਭ ਕਰਨ ਸਮੇਂ ਅਰਜਨਜੀਤ ਸਿੰਘ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਅਤੇ ਸਿੱਖਿਆ ਮੰਤਰੀ ਸ੍ਰ ਹਰਜੋਤ ਸਿੰਘ ਬੈਂਸ ਦੀ ਵਿਕਾਸਸ਼ੀਲ ਸੋਚ ਕਰਕੇ ਅੱਜ ਪੰਜਾਬ ਅੰਦਰ ਸਕੂਲਾਂ ਦੀ ਨਵੀਂ ਨੁਹਾਰ ਵੇਖਣ ਨੂੰ ਮਿਲ ਰਹੀ ਹੈ। ਇਸ ਸਮੇਂ ਸੰਦੀਪ ਕੌਰ,ਕਿਰਨ ਬਾਲਾ, ਡਾ। ਕੁਲਦੀਪ,ਗੌਰਵ ਸ਼ਰਮਾ, ਵਰਿੰਦਰ ਹੈਪੀ ,ਦੇਵ ਰਾਜ ਸਟਾਫ਼ ਮੈਂਬਰ ਹਾਜ਼ਰ ਸਨ

# ਬਲੱਡ ਡੋਨਰਜ ਕੌਂਸਲ ਫਗਵਾੜਾ ਵਲੋਂ ਸ਼ਹੀਦ ਭਗਤ ਸਿੰਘ ਤੇ ਸਾਥੀਆਂ ਨੂੰ ਸ਼ਰਧਾਂਜਲੀ ਵਜੋਂ ਖ਼ੂਨ ਦਾਨ ਕੈਂਪ 23 ਨੂੰ - ਰਘਬੋਤਰਾ



ਫਗਵਾੜਾ ( ਸੁਸ਼ੀਲ ਸ਼ਰਮਾ ) ਬਲੱਡ ਡੋਨਰਜ ਕੌਂਸਲ (ਰਜਿ.) ਫਗਵਾੜਾ ਵਲੋਂ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ ਸ਼ਹਾਦਤ ਦਿਵਸ ਨੂੰ ਸਮਰਪਿਤ ਖ਼ੂਨਦਾਨ ਕੈਂਪ 23 ਮਾਰਚ ਦਿਨ ਐਤਵਾਰ ਨੂੰ ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਵਿਖੇ ਲਗਾਇਆ ਜਾ ਰਿਹਾ ਹੈ। ਵਧੇਰੇ ਜਾਣਕਾਰੀ ਦਿੰਦਿਆਂ ਬਲੱਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਕੈਂਪ ਦੌਰਾਨ ਵੱਧ ਤੋਂ ਵੱਧ ਨੌਜਵਾਨਾਂ ਨੂੰ ਖ਼ੂਨ ਦਾਨ ਕਰਨ ਲਈ ਪ੍ਰੇਰਿਆ ਜਾਵੇਗਾ। ਉਹਨਾਂ ਸਮੂਹ ਇਲਾਕਾ ਨਿਵਾਸੀਆਂ ਅਤੇ ਖਾਸ ਤੌਰ ਤੇ ਨੌਜਵਾਨਾਂ ਨੂੰ ਪੁਰਜੋਰ ਅਪੀਲ ਕੀਤੀ ਕਿ ਆਪਣਾ ਖ਼ੂਨ ਦਾਨ ਕਰਕੇ ਸ਼ਹੀਦਾਂ ਦੀ ਸ਼ਹਾਦਤ ਨੂੰ ਪ੍ਰਣਾਮ ਕਰਨ ਲਈ ਬਲੱਡ ਬੈਂਕ ਵਿਖੇ ਜ਼ਰੂਰ ਪਹੁੰਚਣ।

# ਖ਼ਾਲਸਾ ਕਾਲਜ ਡਮੇਲੀ ਚ ਨਸ਼ਾ ਮੁਕਤ ਭਵਿੱਖ ਪ੍ਰਤੀ ਲੋੜੀਂਦੀ ਜੰਗ ਵਿਸ਼ੇ ਤੇ ਇੱਕ ਰੋਜ਼ਾ ਵਰਕਸ਼ਾਪ ਸ.ਫਲ ਹੋ ਨਿਬੜੀ



ਫਗਵਾੜਾ (ਸੁਸ਼ੀਲ ਸ਼ਰਮਾ)ਰਾਸ਼ਟਰੀ ਮਹਿਲਾ ਆਯੋਗ ਨਵੀਂ ਦਿੱਲੀ ਅਤੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਸਹਿਯੋਗ ਨਾਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਧੀਨ ਚੱਲ ਰਹੇ ਵਿਦਿਅਕ ਅਦਾਰੇ ਸੰਤ ਬਾਬਾ ਦਲੀਪ ਸਿੰਘ ਮੈਮੋਰੀਅਲ ਖ਼ਾਲਸਾ ਕਾਲਜ ਅਤੇ ਗੁਰੂ ਹਰਕ੍ਰਿਸ਼ਨ ਚੈਰੀਟੇਬਲ ਫਾਊਂਡੇਸ਼ਨ ਨੂਰੜ ਪਾਂਸ਼ਟ ਵੱਲੋਂ ਕਾਲਜ ਕੈਂਪਸ ਵਿੱਚ ਨਸ਼ਾ ਮੁਕਤ ਭਵਿੱਖ ਅਤੇ ਨਸ਼ੇ ਖਿਲਾਫ ਜੰਗ: ਔਰਤਾਂ ਦਾ ਖਾਮੋਸ਼ ਦਰਦ, ਭੂਮਿਕਾ, ਚੁਣੌਤੀਆਂ, ਮੁਸ਼ਕਲਾਂ, ਰੋਕਥਾਮ, ਹੱਲ ਅਤੇ ਸਿੱਖਿਆ ਤੇ ਬਹਾਲੀ ਉੱਪਰ ਇੱਕ ਰੋਜ਼ਾ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਸ਼੍ਰੀ ਜੀਤੇਦਰ ਰੰਜਨ ਸੁਪਰਡੰਟ ਨਾਰਕੋਟਿਕਸ ਸੈਂਟਰਲ ਬਿਊਰੋ ਅੰਮ੍ਰਿਤਸਰ, ਡਾ. ਰੋਹਿਲ ਓਬਰਾਏ, ਡੀ.ਏ.ਵੀ. ਕਾਲਜ ਚੰਡੀਗੜ੍ਹ ਅਤੇ ਮਿਸਿਜ ਵਿਭੂਤੀ ਸ਼ਰਮਾ ਅਰੋੜਾ ਅਸਿਸਟੈਂਟ ਲੀਗਲ ਏਡ ਡਿਫੈਂਸ ਕੌਂਸਿਲ, ਪ੍ਰੋ. ਅਵਤਾਰ ਸਿੰਘ ਰਾਮਗੜ੍ਹੀਆ ਕਾਲਜ ਫਗਵਾੜਾ, ਸ. ਭਗਵੰਤ ਸਿੰਘ ਕੋਚ, ਸ. ਅਮਰਿੰਦਰ ਜੀਤ ਸਿੰਘ ਸਿੱਧੂ, ਪ੍ਰੋ. ਰਣਜੀਤ ਸੈਣੀ ਸਰਕਾਰੀ ਕਾਲਜ ਹੁਸ਼ਿਆਰਪੁਰ ਰਾਸ਼ਟਰੀ ਮਹਿਲਾ ਆਯੋਗ ਨਵੀਂ ਦਿੱਲੀ ਵੱਲੋਂ ਵਿਸ਼ੇਸ਼ ਬੁਲਾਰੇ ਵਜੋਂ ਪਹੁੰਚੇ। ਉਦਘਟਨੀ ਭਾਸ਼ਣ ਵਿੱਚ ਗੁਰੂ ਹਰਕ੍ਰਿਸ਼ਨ ਚੈਰੀਟੇਬਲ ਫਾਊਂਡੇਸ਼ਨ ਨੂਰੜ ਪਾਂਸ਼ਟ ਦੇ ਚੇਅਰਪਰਸਨ ਸ. ਕਿਰਪਾਲ ਸਿੰਘ ਮਾਇਓਪੱਟੀ ਨੇ ਕਿਹਾ ਕਿ ਪੰਜਾਬ ਵਿੱਚ ਵਧ ਰਹੇ ਨਸ਼ਿਆਂ ਦੇ ਰੁਝਾਨ ਨੂੰ ਠੱਲ੍ਹ ਪਾਉਣ ਲਈ ਐਨ ਜੀ ਓ ਨੂੰ ਆਪਣਾ ਬਣਦਾ ਯੋਗਦਾਨ ਪਾਉਂਣਾ ਚਾਹੀਦਾ ਹੈ। ਪ੍ਰੋ. ਅਵਤਾਰ ਸਿੰਘ ਜੀ ਨੇ ਆਪਣੇ ਕੁੰਜੀਵਤ ਭਾਸ਼ਣ ਵਿਚ ਨੌਜਵਾਨਾਂ ਦੇ ਨਸ਼ਿਆਂ ਵੱਲ ਜਾਣ ਦੇ ਆਰਥਿਕ ਅਤੇ ਮਾਨਸਿਕ ਕਾਰਨਾਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ। ਮਿਸਿਜ ਵਿਭੂਤੀ ਸ਼ਰਮਾ ਅਰੋੜਾ ਜੀ ਪਹਿਲੇ ਟੈਕਨੀਕਲ ਸੈਸ਼ਨ ਵਿੱਚ ਬੋਲਦਿਆਂ ਨਸ਼ਿਆਂ ਦੀ ਰੋਕਥਾਮ, ਸੈਕਸੁਅਲ ਹਰਾਸਮੈਂਟ ਅਤੇ ਨੈਸ਼ਨਲ ਲੀਗਲ ਸਰਵਿਸ ਅਥਾਰਟੀ ਦੀਆਂ ਵੱਖ ਵੱਖ ਸਕੀਮਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਦੂਸਰੇ ਟੈਕਨੀਕਲ ਸੈਸ਼ਨ ਵਿੱਚ ਸ਼੍ਰੀ ਜੀਤੇਦਰ ਰੰਜਨ ਨੇ ਨਸ਼ਿਆਂ ਦੀਆਂ ਕਿਸਮਾਂ ਅਤੇ ਇਹਨਾਂ ਦੇ ਬੁਰੇ ਪ੍ਰਭਾਵਾਂ ਨੂੰ ਰੋਕਣ ਲਈ ਸਰਕਾਰ ਦੁਆਰਾ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਤੀਸਰੇ ਟੈਕਨੀਕਲ ਸੈਸ਼ਨ ਵਿਚ ਡਾ. ਰੋਹਿਲ ਉਬਰਾਏ ਨੇ ਨਸ਼ਿਆਂ ਦੀ ਰੋਕਥਾਮ ਦੇ ਲਈ ਇੱਕ ਇਸਤਰੀ ਦੀ ਕੀ ਭੂਮਿਕਾ ਹੋ ਸਕਦੀ ਹੈ ਬਾਰੇ ਵਿਚਾਰ ਪੇਸ਼ ਕੀਤੇ। ਅੰਤਿਮ ਸੈਸ਼ਨ ਵਿਚ ਕਮਿਸ਼ਨਰੇਟ ਪੈਨਲ ਮੈਂਬਰ ਸ. ਅਮਰਿੰਦਰਜੀਤ ਸਿੰਘ ਸਿੱਧੂ ਨੇ ਕਾਲਜ ਵੱਲੋਂ ਲਗਾਈ ਗਈ ਇਸ ਵਰਕਸ਼ਾਪ ਨੂੰ ਸਾਰਥਿਕ ਦਸਿਆ ਅਤੇ ਰਾਸ਼ਟਰੀ ਮਹਿਲਾ ਕਮਿਸ਼ਨ, ਨਵੀਂ ਦਿੱਲੀ ਅਤੇ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੀ ਖੁੱਲ੍ਹ ਕੇ ਪ੍ਰਸੰਸਾ ਕੀਤੀ ਗਈ। ਇਸ ਮੌਕੇ ਸ. ਭਗਵੰਤ ਸਿੰਘ ਕੋਚ ਸਾਹਿਬ ਪ੍ਰੋ. ਰਣਜੀਤ ਸੈਣੀ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਦੀ ਰੋਕਥਾਮ ਲਈ ਯਤਨ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਮੈਡਮ ਰਜਮੀਤ ਕੌਰ ਜੀ, ਪ੍ਰੋ. ਰਣਜੀਤ ਸਿੰਘ ਮਾਤਾ ਗੁਜਰੀ ਖ਼ਾਲਸਾ ਕਾਲਜ ਕਰਤਾਰਪੁਰ, ਪ੍ਰੋ. ਕੁਲਵਿੰਦਰ ਕੌਰ ਸਰਕਾਰੀ ਕਾਲਜ ਹੁਸ਼ਿਆਰਪੁਰ, ਪ੍ਰੋ. ਲਖਵਿੰਦਰ ਕੌਰ, ਪ੍ਰੋ. ਕੁਲਵੰਤ ਕੌਰ ਗੁਰੂ ਨਾਨਕ ਖ਼ਾਲਸਾ ਕਾਲਜ ਡਰੋਲੀ ਕਲਾਂ, ਐਡਵੋਕੇਟ ਜਸਵੰਤ ਸਿੰਘ ਫਗਵਾੜਾ, ਪ੍ਰੋ. ਅਮਰਜੀਤ ਸਿੰਘ ਦਿਹਾਣਾ, ਸਰਕਾਰੀ ਕਾਲਜ ਹੁਸ਼ਿਆਰਪੁਰ,ਸ੍ਰ. ਅਵਤਾਰ ਸਿੰਘ ਭੋਗਲ, ਸ੍ਰ. ਸੰਦੀਪ ਸਿੰਘ ਪਰਮਾਰ, ਸ੍ਰੀ ਸੰਦੀਪ ਭਾਰਦਵਾਜ, ਸ੍ਰੀ ਸੰਨੀ ਮਹਿਤਾ ਵਿਸ਼ੇਸ਼ ਤੌਰ ਤੇ ਪਹੁੰਚੇ। ਇਸ ਮੌਕੇ ਪ੍ਰਿੰਸੀਪਲ ਡਾ. ਗੁਰਨਾਮ ਸਿੰਘ ਰਸੂਲਪੁਰ ਜੀ ਦੇ ਦੁਆਰਾ ਆਏ ਹੋਏ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ। ਸਟੇਜ ਸੈਕਟਰੀ ਦੀ ਭੂਮਿਕਾ ਪ੍ਰੋ. ਅਮਰਪਾਲ ਕੌਰ ਜੀ ਦੇ ਦੁਆਰਾ ਨਿਭਾਈ ਗਈ। ਇਸ ਮੌਕੇ ਕਾਲਜ ਦਾ ਸਮੂਹ ਸਟਾਫ਼ ਮੈਂਬਰ ਅਤੇ ਵਿਦਿਆਰਥੀ ਹਾਜ਼ਰ ਸਨ

# ਸੰਤੋਸ਼ ਗੋਗੀ ਨੇ ਇਮਪਰੂਵਮੈਂਟ ਟਰੱਸਟ ਦੇ ਟਰੱਸਟੀ ਵਜੋਂ ਲਿਆ ਚਾਰਜ



ਫਗਵਾੜਾ ( ਸੁਸ਼ੀਲ ਸ਼ਰਮਾ ) ਪੰਜਾਬ ਸਰਕਾਰ ਵਲੋਂ ਇੰਪਰੂਵਮੈਂਟ ਟਰੱਸਟ ਫਗਵਾੜਾ ਦੇ ਨਵੇਂ ਨਾਮਜ਼ਦ ਕੀਤੇ ਗਏ ਟਰੱਸਟੀ ਸੰਤੋਸ਼ ਗੋਗੀ, ਜ਼ਿਲ੍ਹਾ ਪ੍ਰਧਾਨ ਐਸ.ਸੀ ਵਿੰਗ ਕਪੂਰਥਲਾ ਨੇ ਅੱਜ ਇੰਪਰੂਵਮੈਂਟ ਟਰੱਸਟ ਦਫ਼ਤਰ ਫਗਵਾੜਾ ਵਿਖੇ ਟਰੱਸਦੀ ਵਜੋਂ ਅਹੁਦਾ ਸੰਭਾਲਿਆ। ਇਸ ਮੌਕੇ ਐਡਵੋਕੇਟ ਕਸ਼ਮੀਰ ਸਿੰਘ ਮੱਲ੍ਹੀ ਚੇਅਰਮੈਨ ਇੰਪਰੂਵਮੈਂਟ ਟਰੱਸਟ ਫਗਵਾੜਾ ਤੋਂ ਇਲਾਵਾ ਵੱਡੀ ਗਿਣਤੀ 'ਚ ਪਾਰਟੀ ਵਰਕਰਾਂ ਤੇ ਸਮਰਥਕਾਂ ਨੇ ਉਹਨਾਂ ਨੂੰ ਸ਼ੁੱਭ ਇੱਛਾਵਾਂ ਦਿੱਤੀਆਂ। ਸੰਤੋਸ਼ ਕੁਮਾਰ ਗੋਗੀ ਨੇ ਕਿਹਾ ਕਿ ਉਹ ਆਮ ਆਦਮੀ ਪਾਰਟੀ ਦੇ ਸਿਪਾਹੀ ਹਨ ਅਤੇ ਸੀਨੀਅਰ ਆਗੂਆਂ ਵਲੋਂ ਜਿੱਥੇ ਵੀ ਉਹਨਾਂ ਦੀਆਂ ਸੇਵਾਵਾਂ ਦੀ ਲੋੜ ਹੈ, ਉਹ ਪੂਰੀ ਇਮਾਨਦਾਰੀ ਨਾਲ ਪਾਰਟੀ ਦੇ ਨਿਰਦੇਸ਼ਾਂ ਦੀ ਪਾਲਣਾ ਕਰਨਗੇ। ਉਹਨਾ ਨੇ ਪੰਜਾਬ ਦੇ ਮੁੱਖਮੰਤਰੀ ਭਗਵੰਤ ਸਿੰਘ ਮਾਨ ਸਮੇਤ ਸਮੁੱਚੀ ਲੀਡਰਸ਼ਿਪ ਦਾ ਤਹਿ ਦਿਲੋਂ ਧੰਨਵਾਦ ਕੀਤਾ ਵੀ ਕੀਤਾ। ਸੰਤੋਸ਼ ਗੋਗੀ ਨੇ ਸਮੂਹ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਟਰੱਸਟ ਵਲੋਂ ਕੀਤੇ ਜਾ ਰਹੇ ਕੰਮਾਂ 'ਚ ਸਹਿਯੋਗ ਦੇਣ। ਉਹ ਖੁਦ ਵੀ ਹਰ ਸਮੇਂ ਲੋਕ ਸੇਵਾ ਲਈ ਹਾਜਰ ਹਨ। ਇਸ ਮੌਕੇ ਜੋਗਿੰਦਰ ਪਾਲ ਬੇਦੀ ਬਲਾਕ ਪ੍ਰਧਾਨ, ਪ੍ਰਿਤਪਾਲ ਕੌਰ ਤੁਲੀ ਕੌਂਸਲਰ, ਗੁਰਦੀਪ ਸਿੰਘ ਤੁਲੀ, ਵਿਜੇ ਬਸੰਤ ਨਗਰ ਕੌਂਸਲਰ, ਵਿੱਕੀ ਸਿੰਘ ਮੀਤ ਪ੍ਰਧਾਨ ਯੂਥ ਵਿੰਗ ਕਪੂਰਥਲਾ, ਸੁਖਵਿੰਦਰ ਸਿੰਘ, ਸਤਨਾਮ ਸਿੰਘ ਜੱਸੀ, ਰਵਿੰਦਰ ਸਿੰਘ ਜੇ.ਈ, ਜੀਵਨ ਕੁਮਾਰ ਕਲਰਕ, ਜਗਦੀਪ ਸੀਨੀਅਰ ਸਹਾਇਕ, ਵਿਸ਼ਾਲ ਮਿਸ਼ਰਾ, ਕਿਰਨਦੀਪ ਹੀਰ ਐਸ.ਡੀ.ਓ, ਤੇਜਪਾਲ ਬਸਰਾ ਸੀਨੀਅਰ ਡਿਪਟੀ ਮੇਅਰ ਆਦਿ ਹਾਜ਼ਰ ਸਨ।

# ਨਗਰ ਨਿਗਮ ਫਗਵਾੜਾ ਵਿਖੇ ਪ੍ਰਾਪਰਟੀ ਟੈਕਸ ਜਮ੍ਹਾਂ ਕਰਵਾਉਣ ਦੇ ਮੱਦੇਨਜ਼ਰ 31 ਮਾਰਚ ਤੱਕ ਲਗੇਗਾ ਵਿਸ਼ੇਸ਼ ਕੈਂਪ



ਫਗਵਾੜਾ (ਸੁਸ਼ੀਲ ਸ਼ਰਮਾ) ਕਮਿਸ਼ਨਰ,ਨਗਰ ਨਿਗਮ, ਫਗਵਾੜਾ ਡਾ.ਅਕਸ਼ਿਤਾ ਗੁਪਤਾ ਵੱਲੋਂ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਵਿੱਤੀ ਸਾਲ 2024-25 ਦਾ ਪ੍ਰਾਪਰਟੀ ਟੈਕਸ ਜਮ੍ਹਾਂ ਕਰਵਾਉਣ ਦੀ ਅੰਤਿਮ ਮਿਤੀ 31-03-2025 ਨਿਰਧਾਰਿਤ ਹੈ,ਜਿਸ ਦੇ ਮੱਦੇਨਜ਼ਰ ਫਗਵਾੜਾ ਵਾਸੀਆਂ ਦੀ ਸਹੂਲਤ ਲਈ ਦਫ਼ਤਰ ਨਗਰ ਨਿਗਮ,ਫਗਵਾੜਾ ਵਿਖੇ ਪ੍ਰਾਪਰਟੀ/ਹਾਊਸ ਟੈਕਸ ਕੁਲੈਕਸ਼ਨ ਲਈ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ ਉਨ੍ਹਾਂ ਦੱਸਿਆ ਕਿ ਦਫਤਰ ਨਗਰ ਨਿਗਮ ਫਗਵਾੜਾ ਵਿਖੇ ਮਿਤੀ 31 ਮਾਰਚ 2025 ਤੱਕ ਰੋਜ਼ਾਨਾ (ਸ਼ਨੀਵਾਰ ਅਤੇ ਐਤਵਾਰ ਸਮੇਤ) ਪ੍ਰਾਪਰਟੀ/ਹਾਊਸ ਟੈਕਸ ਸ਼ਾਖਾ ਦਾ ਦਫਤਰ ਆਮ ਦਿਨਾਂ ਵਾਂਗ ਖੁੱਲ੍ਹਾ ਰਹੇਗਾ ਡਾ.ਗੁਪਤਾ ਨੇ ਫਗਵਾੜਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣਾ ਬਣਦਾ ਪ੍ਰਾਪਰਟੀ ਟੈਕਸ ਮਿਤੀ 31-03-2025 ਤੱਕ ਜ਼ਰੂਰ ਜਮ੍ਹਾਂ ਕਰਵਾਉਣ ਅਤੇ ਸ਼ਹਿਰ ਦੇ ਵਿਕਾਸ ਵਿੱਚ ਆਪਣਾ ਮਹੱਤਵਪੂਰਨ ਯੋਗਦਾਨ ਪਾਉਣ। ਪ੍ਰਾਪਰਟੀ ਟੈਕਸ ਨਾ ਅਦਾ ਕਰਨ ਦੀ ਸੂਰਤ ਵਿੱਚ ਪ੍ਰਸ਼ਾਸ਼ਨ ਵੱਲੋਂ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ

# ਵਿਸ਼ਵ ਓਰਲ ਹੈਲਥ ਹਫਤੇ ਦੌਰਾਨ ਵੱਖ-ਵੱਖ ਗਤੀਵਿਧੀਆ ਨਾਲ ਲੋਕਾਂ ਨੂੰ ਕੀਤਾ ਜਾਗਰੂਕ-ਡਾ ਰਿਚਾ ਭਾਟੀਆ






ਫ਼ਗਵਾੜਾ-ਕਪੂਰਥਲਾ (ਸੁਸ਼ੀਲ ਸ਼ਰਮਾ) ਵਿਸ਼ਵ ਓਰਲ ਹੈਲਥ ਹਫਤੇ ਸਬੰਧੀ ਡੈਂਟਲ ਵਿਭਾਗ ਵੱਲੋ ਵੱਖ-ਵੱਖ ਤਰ੍ਹਾਂ ਦੀਆਂ ਗਤੀਵਿਧੀਆਂ ਕਰਕੇ ਲੋਕਾਂ ਨੂੰ ਦੰਦਾਂ ਦੀ ਸਿਹਤ ਸੰਭਾਲ ਪ੍ਰਤੀ ਜਾਗਰੂਕ ਕੀਤਾ ਗਿਆ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਡਾ.ਰਿਚਾ ਭਾਟੀਆ,ਸਿਵਲ ਸਰਜਨ ਕਪੂਰਥਲਾ ਵੱਲੋ 14 ਤੋਂ 20 ਮਾਰਚ 2025 ਤੱਕ ਮਨਾਏ ਗਏ ਵਿਸ਼ਵ ਓਰਲ ਹੈਲਥ ਹਫਤੇ ਦੀ ਸਮਾਪਤੀ ਮੌਕੇ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਅਜਿਹੀਆਂ ਗਤੀਵਿਧੀਆ ਨਾਲ ਲੋਕਾਂ ਵਿਚ ਵਧੇਰੇ ਜਾਗਰੂਕਤਾ ਪੈਦਾ ਹੁੰਦੀ ਹੈ ਅਤੇ ਲੋਕ ਸਰਕਾਰੀ ਸਿਹਤ ਸਕੀਮਾਂ ਦਾ ਲਾਭ ਲੈਂਦੇ ਹਨ। ਉਨ੍ਹਾਂ ਕਿਹਾ ਕਿ ਅੱਗੇ ਤੋ ਵੀ ਅਜਿਹੀਆਂ ਗਤੀਵਿਧੀਆ ਹੋਰ ਜਿਆਦਾ ਕੀਤੀਆ ਜਾਣ ਤਾਂ ਜੋ ਲੋਕ ਜਿਆਦਾ ਜਾਗਰੂਕ ਹੋ ਸਕਣ। ਇਸ ਮੌਕੇ ਲਗਾਈ ਗਈ ਪ੍ਰਦਰਸ਼ਨੀ ਦਾ ਮੁਆਇਨਾ ਕਰਦੇ ਹੋਏ ਸਿਵਲ ਸਰਜਨ ਡਾ.ਰਿਚਾ ਭਾਟੀਆ ਵੱਲੋ ਪ੍ਰਦਰਸ਼ਨੀ ਦੀ ਸ਼ਲਾਘਾਂ ਕੀਤੀ ਗਈ। ਇਸ ਮੌਕੇ ਡੀ.ਡੀ.ਐਚ.ਓ.ਡਾ. ਕਪਿਲ ਡੋਗਰਾ ਨੇ ਦੱਸਿਆ ਕਿ ਵਿਸ਼ਵ ਓਰਲ ਹੈਲਥ ਹਫਤੇ ਦੌਰਾਨ ਵਿਭਾਗ ਵੱਲੋ ਵੱਖ-ਵੱਖ ਤਰ੍ਹਾਂ ਦੀਆ ਗਤੀਵਿਧੀਆ ਜਿਵੇਂ ਸਕੂਲਾਂ ਵਿਚ ਜਾਗਰੂਕਤਾ,ਝੁੱਗੀ ਝੌਪੜੀਆ,ਨਵਜੀਵਨ ਨਸ਼ਾ ਛਡਾਓ ਕੇਂਦਰ ਅਤੇ ਹਸਪਤਾਲ ਦੀ ਓ.ਪੀ.ਡੀ.ਵਿਚ ਪ੍ਰਦਰਸ਼ਨੀ ਲਗਾ ਕੇ ਕੀਤੀਆਂ ਗਈਆਂ ਅਤੇ ਲੋਕਾਂ ਦਾ ਮੁਫਤ ਚੈਕਅਪ ਕੀਤਾ ਗਿਆ। ਇਸ ਮੌਕੇ ਡੈਂਟਲ ਡਾ.ਗੁਰਦੇਵ ਭੱਟੀ ਵਲੋਂ ਡੈਂਟਲ ਵਿਭਾਗ ਵਲੋਂ ਦਿੱਤੀਆਂ ਜਾ ਰਹੀਆਂ ਸਿਹਤ ਸਹੂਲਤਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਉਨ੍ਹਾਂ ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਨੂੰ ਦੰਦਾਂ ਦੀ ਸਾਂਭ ਸੰਭਾਲ ਦੇ ਨੁਕਤੇ ਸਾਂਝੇ ਕੀਤੇ। ਜ਼ਿਕਰਯੋਗ ਹੈ ਕਿ ਸਿਵਲ ਸਰਜਨ ਵਲੋਂ ਇਸ ਮੌਕੇ ਦੋ ਦੰਦਾਂ ਦੀ ਸਾਂਭ ਸੰਭਾਲ ਸਬੰਧੀ ਜਾਗਰੂਕਤਾ ਲਈ ਦੋ ਪੋਸਟਰ ਵੀ ਜਾਰੀ ਕੀਤੀ ਗਏ। ਇਸ ਮੌਕੇ ਹੋਰਨਾ ਤੋ ਇਲਾਵਾ ਸਹਾਇਕ ਸਿਵਲ ਸਰਜਨ ਅਨੂੰ ਸ਼ਰਮਾ,ਡੀ.ਐਚ.ਓ=ਡਾ.ਰਾਜੀਵ ਪਰਾਸ਼ਰ,ਡੀ.ਟੀ.ਓ.ਡਾ. ਰਣਦੀਪ ਸਿੰਘ,ਡਾ.ਅੰਜੂ ਬਾਲਾ,ਡਾ. ਗੁਰਦੇਵ ਭੱਟੀ,ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਜਸਵਿੰਦਰ ਕੌਰ, ਡਿਪਟੀ ਮਾਸ ਮੀਡੀਆ ਅਫ਼ਸਰ ਸ਼ਰਨਦੀਪ ਸਿੰਘ,ਸੁਖਦਿਆਲ ਸਿੰਘ, ਬੀ.ਸੀ.ਸੀ.ਜੋਤੀ ਅਨੰਦ ਸਮੇਤ ਸਕੂਲੀ ਵਿਦਿਆਰਥੀਆਂ ਆਦਿ ਹਾਜਰ ਸਨ।

# ਬਸਪਾ ਪੰਜਾਬ ਦੇ ਪ੍ਰਧਾਨ ਡਾ.ਅਵਤਾਰ ਸਿੰਘ ਕਰੀਮਪੁਰੀ ਸਾਬਕਾ ਐਮ.ਪੀ.ਰਾਜ ਸਭਾ,ਬਸਪਾ ਪੰਜਾਬ ਦੇ ਇੰਚਾਰਜ ਡਾ. ਨਛਤਰ ਪਾਲ ਐਮ.ਐਲ.ਏ.ਜ਼ੋਨ ਇੰਚਾਰਜ ਲੁਧਿਆਣਾ ਜੋਨ ਮਿਤੀ 23 ਮਾਰਚ ਨੂੰ ਸ਼ਹੀਦੇ ਆਜ਼ਮ ਸ੍ਰ.ਭਗਤ ਸਿੰਘ ਦੇ ਸਮਾਰਕ ਖੱਟਕੜ ਕਲਾਂ ਵਿਖੇ ਸ਼ਰਧਾ ਦੇ ਫੁੱਲ ਭੇਟ ਕਰਨਗੇ



ਫਗਵਾੜਾ (ਸੁਸ਼ੀਲ ਸ਼ਰਮਾ) ਪ੍ਰਵੀਨ ਬੰਗਾ ਜੋਨ ਇੰਚਾਰਜ ਲੁਧਿਆਣਾ (ਬੀ.ਐਸ.ਪੀ.ਪੰਜਾਬ) ਅਤੇ ਸਰਬਜੀਤ ਜਾਫਰਪੁਰ ਜ਼ਿਲ੍ਹਾ ਪ੍ਰਧਾਨ ਸ਼ਹੀਦ ਭਗਤ ਸਿੰਘ ਨਗਰ ਨੇ ਇੱਕ ਸਾਂਝਾ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਸ਼ਹੀਦੇ ਆਜ਼ਮ ਸ੍ਰ. ਭਗਤ ਸਿੰਘ ਜੀ ਸ਼ਹੀਦ ਰਾਜਗੁਰੂ,ਸ਼ਹੀਦ ਸੁਖਦੇਵ ਜੀ ਦੀ ਬਰਸੀ ਤੇ ਸ਼ਹੀਦ ਭਗਤ ਸਿੰਘ ਜੀ ਦੇ ਜਦੀ ਪਿੰਡ ਖਟਕੜ ਕਲਾਂ ਸ਼ਹੀਦੀ ਸਮਾਰਕ ਤੇ ਬਹੁਜਨ ਸਮਾਜ ਪਾਰਟੀ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਲੋਂ ਵੀ 23 ਮਾਰਚ ਦਿਨ ਐਤਵਾਰ ਨੂੰ ਸਰਧਾਂਜਲੀ ਭੇਂਟ ਕਰਨ ਲਈ ਬਸਪਾ ਪੰਜਾਬ ਦੇ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਸਾਬਕਾ ਐਮ.ਪੀ.ਰਾਜ ਸਭਾ,ਬਸਪਾ ਪੰਜਾਬ ਦੇ ਇੰਚਾਰਜ ਡਾ.ਨਛਤਰ ਪਾਲ ਐਮ.ਐਲ.ਏ.ਜ਼ੋਨ ਇੰਚਾਰਜ ਲੁਧਿਆਣਾ ਜੋਨ ਪੁੱਜ ਰਹੇ ਹਨ। ਉਨ੍ਹਾਂ ਬੰਗਾ ਨਵਾਂ ਸ਼ਹਿਰ ਤੇ ਬਲਾਚੌਰ ਵਿਧਾਨਸਭਾ ਦੀ ਸਮੂਚੀ ਲੀਡਰਸ਼ਿਪ ਤੇ ਸਮਰਥਕਾਂ ਨੂੰ ਸਰਕਾਰੀ ਪ੍ਰੋਗਰਾਮਾਂ ਨੂੰ ਮੁੱਖ ਰਖਦੇ ਹੋਏ ਸਮੇਂ ਸਿਰ ਸਵੇਰੇ ਸਾਥੀਆਂ ਸਮੇਤ ਸਵੇਰੇ 9.00 ਵਜੇ ਪਹੁੰਚਣ ਦੀ ਅਪੀਲ ਕੀਤੀ ਜਾਂਦੀ ਹੈ

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਸਰਕਾਰੀ ਸਕੂਲਾਂ ਅੰਦਰ ਮਿਲਣ ਵਾਲੀਆਂ ਸਹੂਲਤਾਂ ਦਾ ਲਾਭ ਉਠਾਉਣ ਮਾਪੇ-ਕੰਵਲਜੀਤ ਸਿੰਘ


ਫ਼ਗਵਾੜਾ-ਅੰਮ੍ਰਿਤਸਰ (ਸੁਸ਼ੀਲ ਸ਼ਰਮਾ) ਸਿੱਖਿਆ ਵਿਭਾਗ ਪੰਜਾਬ ਵੱਲੋਂ ਬਿਹਤਰ ਅਨੁਭਵ ਵਿੱਦਿਆ ਮਿਆਰੀ ਮਾਣ ਪੰਜਾਬ ਦਾ ਸਕੂਲ ਸਰਕਾਰੀ ਦੇ ਨਾਂ ਹੇਠ ਨਵੇਂ ਸੈਸ਼ਨ ਲਈ ਨਰਸਰੀ ਤੋਂ ਬਾਰ੍ਹਵੀਂ ਜਮਾਤ ਤੱਕ ਸ਼ੁਰੂ ਹੋਈ 'ਦਾਖ਼ਲਾ ਮੁਹਿੰਮ' ਤਹਿਤ ਅੱਜ ਦੂਸਰੇ ਦਿਨ ਵੱਖ-ਵੱਖ ਖੇਤਰਾਂ ਚ ਜਾਣ ਵਾਲੀ ਜਾਗਰੂਕਤਾ ਵੈਨ ਨੂੰ ਜ਼ਿਲ੍ਹਾ ਸਿੱਖਿਆ ਅਫ਼ਸਰ ਕੰਵਲਜੀਤ ਸਿੰਘ ਅਤੇ ਉਪ ਜਿਲ੍ਹਾ ਸਿੱਖਿਆ ਅਫ਼ਸਰ ਇੰਦੂ ਮੰਗੋਤਰਾ ਵੱਲੋਂ ਸਰਕਾਰੀ ਐਲੀਮੈਂਟਰੀ ਸਕੂਲ ਫੈਜਪੁਰਾ ਤੋਂ ਹਰੀ ਝੰਡੀ ਵਿਖਾ ਕੇ ਰਵਾਨਾ ਕੀਤਾ ਗਿਆ।



ਇਸ ਸਬੰਧੀ ਬਲਾਕ ਸਿੱਖਿਆ ਅਫ਼ਸਰ ਗੁਰਦੇਵ ਸਿੰਘ ਦੀ ਦੇਖ-ਰੇਖ ਹੋਏ ਸਮਾਗਮ ਚ ਸੰਬੋਧਨ ਕਰਦਿਆਂ ਜ਼ਿਲ੍ਹਾ ਸਿੱਖਿਆ ਅਫ਼ਸਰ ਕੰਵਲਜੀਤ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਵੱਡੇ ਪੱਧਰ ਤੇ ਸੁਧਾਰ ਕੀਤੇ ਜਾ ਰਹੇ ਹਨ, ਜਿਸ ਤਹਿਤ ਜਿੱਥੇ ਸਰਕਾਰੀ ਸਕੂਲਾਂ ਦੀਆਂ ਇਮਾਰਤਾਂ ਦੀ ਦਿੱਖ ਵਿੱਚ ਵੱਡੇ ਪੱਧਰ ਤੇ ਬਦਲਾਅ ਆਇਆ ਹੈ ਉੱਥੇ ਹੀ ਵਿਦਿਆਰਥੀਆਂ ਨੂੰ ਹਰ ਪੱਖੋਂ ਸਮੇਂ ਦੇ ਹਾਣੀ ਬਣਾਉਣ ਲਈ ਸਿੱਖਣ-ਸਿਖਾਉਣ ਦੀਆਂ ਵੱਖ-ਵੱਖ ਆਧੁਨਿਕ ਤਕਨੀਕਾਂ ਦੀ ਵਰਤੋਂ ਅਮਲ ਚ ਲਿਆਂਦੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਾਨੂੰ ਸਭ ਨੂੰ ਸਰਕਾਰੀ ਸਕੂਲਾਂ ਤੇ ਭਰੋਸਾ ਕਰ ਕੇ ਆਪਣੇ ਬੱਚੇ ਇਨ੍ਹਾਂ ਸਕੂਲਾਂ ਅੰਦਰ ਹੀ ਦਾਖ਼ਲ ਕਰਵਾਉਣੇ ਚਾਹੀਦੇ ਹਨ ਕਿਉਂਕਿ ਸਰਕਾਰੀ ਸਕੂਲਾਂ ਅੰਦਰ ਨਿੱਜੀ ਸਕੂਲਾਂ ਨਾਲੋਂ ਵੱਧ ਮਿਆਰੀ ਤੇ ਮੁਫ਼ਤ ਸਿੱਖਿਆ ਮੁਹਈਆ ਕਰਵਾਈ ਜਾ ਰਹੀ ਹੈ।

ਇਸ ਮੌਕੇ ਉਪਰੋਕਤ ਤੋਂ ਇਲਾਵਾ ਪ੍ਰਧਾਨ ਪ੍ਰਮੋਦ ਕੁਮਾਰ, ਰਿੰਕੂ ਭਾਟੀਆ,ਪ੍ਰਿੰਸੀ: ਅਨੂ ਬੇਦੀ, ਏ.ਸੀ. ਸਮਾਰਟ ਸਕੂਲ ਰਜਿੰਦਰ ਸਿੰਘ,ਡੀ.ਆਰ. ਸੀ.ਵਿਜੇ ਕੁਮਾਰ,ਮੀਡੀਆ ਕੋਆਰਡੀਨੇਟਰ ਪਰਮਿੰਦਰ ਸੰਧੂ,ਮਨੀਸ਼ ਕੁਮਾਰ ਮੇਘ, ਸੰਦੀਪ ਸਿਆਲ,ਸੀ.ਐਚ.ਟੀ.ਮੋਨਿਕਾ ਰਾਣਾ,ਸੁਰੇਸ਼ ਕੁਮਾਰ ਖੁੱਲਰ, ਐਚ.ਟੀ. ਹਰਦਿਆਲ ਸਿੰਘ,ਮੀਡੀਆ ਇੰਚਾਰਜ ਮਨਪ੍ਰੀਤ ਸੰਧੂ,ਬਲਜੀਤ ਸਿੰਘ ਮੱਲੀ, ਯਾਦਵਿੰਦਰ ਸਿੰਘ,ਸੋਹਨ ਸਿੰਘ, ਕਰਨਜੀਤ ਸਿੰਘ,ਰਣਜੀਤ ਸਿੰਘ,ਅਵਤਾਰ ਸਿੰਘ,ਸੁਖਦੀਪ ਸਿੰਘ,ਹਤਿੰਦਰ ਸਿੰਘ,ਗੁਰਲਾਲ ਸਿੰਘ,ਰਵਿੰਦਰ ਸ਼ਰਮਾ,ਵਰਿੰਦਰ ਕੁਮਾਰ,ਜਗਦੀਪ ਕੌਰ ਮਾਨ,ਸ਼ਿਖਾ,ਉਪਿੰਦਰ ਕੌਰ,ਧੰਤਾ ਦੇਵੀ,ਰਜਿੰਦਰ ਰੰਧਾਵਾ,ਜੋਗਾ ਸਿੰਘ,ਮੁਨੀਸ਼ ਸਨੋਤਰਾ,ਦੇਸ ਬਿੰਦੂ,ਕੰਵਲਦੀਪ ਸਿੰਘ,ਮਨਮੋਹਨ ਸਿੰਘ,ਬਚਿੱਤਰ ਸਿੰਘ ਆਦਿ ਤੋਂ ਇਲਾਵਾ ਇਲਾਕੇ ਦੇ ਪਤਵੰਤੇ ਸੱਜਣ ਵੀ ਮੌਜੂਦ ਸਨ।

# ਡਰੱਗ ਕੰਟਰੋਲ ਅਧਿਕਾਰੀ ਵੱਲੋਂ ਸ਼ਹਿਰ ਅਤੇ ਨਾਲ ਲੱਗਦੇ ਇਲਾਕਿਆਂ ਵਿੱਚ ਮੈਡੀਕਲ ਸਟੋਰਾਂ ਦੀ ਜਾਂਚ



ਫ਼ਗਵਾੜਾ-ਅੰਮ੍ਰਿਤਸਰ (ਸੁਸ਼ੀਲ ਸ਼ਰਮਾ) ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਸ਼ੁਰੂ ਕੀਤੇ ਗਏ ਯੁੱਧ ਦੌਰਾਨ ਪਿੰਡਾਂ ਵਿੱਚ ਮੈਡੀਕਲ ਸਟੋਰਾਂ ਤੋਂ ਨਸ਼ੇ ਦੀਆਂ ਦਵਾਈਆਂ ਦੀ ਵਿਕਰੀ ਨੂੰ ਪੂਰਨ ਰੂਪ ਵਿੱਚ ਬੰਦ ਕਰਨ ਦੇ ਇਰਾਦੇ ਤਹਿਤ ਅੱਜ ਡਰੱਗ ਕੰਟਰੋਲ ਅਧਿਕਾਰੀ ਬਬਲੀਨ ਕੌਰ ਅਤੇ ਉਹਨਾਂ ਦੀ ਟੀਮ ਵੱਲੋਂ ਸ਼ਹਿਰ ਦੇ ਨਾਲ ਲੱਗਦੇ ਇਲਾਕਿਆਂ ਵਿੱਚ ਮੈਡੀਕਲ ਸਟੋਰਾਂ ਦੀ ਜਾਂਚ ਕੀਤੀ ਗਈ। ਜਾਂਚ ਦੌਰਾਨ ਦਵਾਈਆਂ ਦਾ ਰਿਕਾਰਡ ਅਤੇ ਸਟਾਕ ਚੈੱਕ ਕੀਤਾ ਗਿਆ,ਜਿਸ ਵਿੱਚ ਕੋਈ ਨਸ਼ੇ ਦੀ ਦਵਾਈ ਤਾਂ ਨਹੀਂ ਮਿਲੀ ਪਰ ਟੀਮ ਨੇ ਕੁਝ ਆਮ ਉਲੰਘਣਾਵਾਂ ਪਾਈਆਂ, ਜਿਨਾਂ ਦਾ ਜੁਰਮਾਨਾ ਮੈਡੀਕਲ ਸਟੋਰਾਂ ਨੂੰ ਕੀਤਾ ਗਿਆ। ਬਬਲੀਨ ਕੌਰ ਨੇ ਦੱਸਿਆ ਕਿ ਮੈਂ ਆਪਣੇ ਸਹਿਯੋਗੀ ਕੁਲਵਿੰਦਰ ਸਿੰਘ ਦੇ ਨਾਲ ਅਸੀਂ ਫਤਾਹਪੁਰ ਇਲਾਕੇ ਵਿੱਚ 5 ਕੈਮਿਸਟ ਦੁਕਾਨਾਂ ਦਾ ਨਿਰੀਖਣ ਕੀਤਾ। ਜਿੰਨਾ ਵਿੱਚ ਖਾਲਸਾ ਮੈਡੀਕਲ ਸਟੋਰ, ਫਤਾਹਪੁਰ,ਸੁਖਬੀਰ ਮੈਡੀਕਲ ਸਟੋਰ, ਫਤਿਹਪੁਰ,ਯੋਧਾ ਮੈਡੀਕਲ ਸਟੋਰ, ਫਤਾਹਪੁਰ, ਧੰਨ ਧੰਨ ਬਾਬਾ ਦੀਪ ਸਿੰਘ ਮੈਡੀਕਲ ਸਟੋਰ,ਫਤਿਹਪੁਰ ਅਤੇ ਸ਼ਿਵ ਸ਼ੰਕਰ ਫਾਰਮਾਸਿਊਟੀਕਲ, ਢਾਬ ਖਟਕੀਆਂ ਸ਼ਾਮਿਲ ਹਨ। ਇਸੇ ਦੌਰਾਨ ਦੂਸਰੀ ਟੀਮ ਨੇ ਰਣਜੀਤ ਐਵਨਿਊ ਸੀ ਬਲਾਕ ਵਿੱਚ ਅਪੋਲੋ ਫਾਰਮੇਸੀ ਅਤੇ ਰਾਈਟ ਪ੍ਰਾਈਜ ਫਾਰਮੇਸੀ ਦੀ ਜਾਂਚ ਕੀਤੀ।

ਉਨਾਂ ਦੱਸਿਆ ਕਿ ਇਸ ਦੌਰਾਨ ਕੋਈ ਨਸ਼ੇ ਦੀ ਆਦਤ ਪੈਦਾ ਕਰਨ ਵਾਲੀਆਂ ਦਵਾਈਆਂ ਬਰਾਮਦ ਨਹੀਂ ਹੋਈਆਂ, ਪਰ ਆਮ ਉਲੰਘਣਾਵਾਂ ਮਹਿਸੂਸ ਕੀਤੀਆਂ ਗਈਆਂ,ਜਿਨਾਂ ਦਾ ਜੁਰਮਾਨਾ ਕਰ ਦਿੱਤਾ


# ਨਵੀਆਂ ਵਿਕਸਿਤ ਹੋ ਰਹੀਆਂ ਅਣ-ਅਧਿਕਾਰਿਤ ਕਲੋਨੀਆਂ ਉੱਪਰ ਚੱਲਿਆ ਪੀਲਾ ਪੰਜਾ

ਫਗਵਾੜਾ-ਅੰਮ੍ਰਿਤਸਰ (ਸੁਸ਼ੀਲ ਸ਼ਰਮਾ) ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਏ.ਡੀ.ਏ.ਦੇ ਮੁੱਖ ਪ੍ਰਸ਼ਾਸਕ ਨਿਤੇਸ਼ ਕੁਮਾਰ ਜੈਨ,ਆਈ.ਏ.ਐਸ ਅਤੇ ਵਧੀਕ ਮੁੱਖ ਪ੍ਰਸ਼ਾਸਕ ਮੇਜਰ ਅਮਿਤ ਸਰੀਨ,ਪੀ.ਸੀ.ਐਸ.ਵੱਲੋਂ ਜਾਰੀ ਹੁਕਮਾਂ ਦੀ ਪਾਲਣਾ ਕਰਦੇ ਹੋਏ ਜਿਲ੍ਹਾ ਟਾਊਨ ਪਲਾਨਰ (ਰੈਗੂਲੇਟਰੀ) ਗੁਰਸੇਵਕ ਸਿੰਘ ਔਲਖ ਦੀ ਅਗਵਾਈ ਹੇਠ ਏ.ਡੀ.ਏ.ਦੇ ਰੈਗੂਲੇਟਰੀ ਵਿੰਗ ਵੱਲੋਂ ਡਿਊਟੀ ਮੈਜਿਸਟ੍ਰੇਟ ਜਗਬੀਰ ਸਿੰਘ, ਉੱਪ-ਮੰਡਲ ਇੰਜੀਨੀਅਰ (ਜਸ), ਏ.ਡੀ.ਏ.,ਅੰਮ੍ਰਿਤਸਰ ਅਤੇ ਥਾਣਾ ਕੰਬੋਅ ਦੇ ਪੁਲਿਸ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਅੰਮ੍ਰਿਤਸਰ-ਫਤਿਹਗੜ ਚੂੜੀਆਂ ਰੋਡ ਉੱਪਰ ਬਣ ਰਹੀਆਂ ਅਣ-ਅਧਿਕਾਰਤ ਕਲੋਨੀਆਂ ਵਿਰੁੱਧ ਕਾਰਵਾਈ ਕਰਦੇ ਹੋਏ ਕਲੋਨੀਆਂ ਨੂੰ ਢਾਹ ਦਿੱਤਾ ਗਿਆ। ਜ਼ਿਲਾ ਨਗਰ ਯੋਜਨਾਕਾਰ ਵੱਲੋਂ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਭਵਿੱਖ ਦੇ ਵਿਕਾਸ ਨੂੰ ਨਿਯੰਤਰਣ ਕਰਨ ਲਈ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪਿੰਡ ਨੰਗਲੀ, ਫਤਹਿਗੜ ਚੂੜੀਆਂ ਰੋਡ ਉੱਪਰ ਵਿਕਸਿਤ ਕੀਤੀਆਂ ਜਾ ਰਹੀਆਂ ਅਣ-ਅਧਿਕਾਰਤ ਕਲੋਨੀਆਂ ਬਾਬਾ ਦੀਪ ਸਿੰਘ ਐਵੀਨਿਉ (ਐਕਸਟੈਂਸ਼ਨ), ਆਸ਼ਿਆਨਾ ਅਸਟੇਟ (ਐਕਸਟੈਂਸ਼ਨ) ਅਤੇ ਲੋਹਾਰਕਾ ਰੋਡ ਉੱਪਰ ਵਰਿੰਦਾਵਨ ਓਰਚਿਡ ਕਲੋਨੀ ਦੇ ਅੰਦਰ ਵਿਕਸਿਤ ਕੀਤੀ ਜਾ ਰਹੀ ਅਣ-ਅਧਿਕਾਰਤ ਕਲੋਨੀ ਨੂੰ ਪਾਪਰਾ ਐਕਟ-1995 ਅਧੀਨ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਗਈ ਹੈ,ਕਿਉਂਜੋ ਉਕਤ ਅਣ-ਅਧਿਕਾਰਤ ਕਲੋਨੀਆਂ ਦੇ ਮਾਲਕਾਂ ਵੱਲੋਂ ਸਰਕਾਰ ਦੀਆਂ ਹਦਾਇਤਾਂ ਦੀ ਪ੍ਰਵਾਹ ਨਾ ਕਰਦੇ ਹੋਏ ਸਰਕਾਰੀ ਨਿਯਮਾਂ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਸਨ।



ਉਨ੍ਹਾਂ ਨੇ ਇਹ ਵੀ ਸਪੱਸ਼ਟ ਕੀਤਾ ਕਿ ਅਣ-ਅਧਿਕਾਰਤ ਕਲੋਨੀ ਕੱਟਣ ਵਾਲੇ ਵਿਅਕਤੀ ਵਿਰੁੱਧ ਪਾਪਰਾ ਐਕਟ-1995 ਦੀ ਸੋਧ 2024 ਅਨੁਸਾਰ 5 ਤੋਂ 10 ਸਾਲ ਦੀ ਕੈਦ ਅਤੇ 25 ਲੱਖ ਤੋਂ 5 ਕਰੋੜ ਦਾ ਜੁਰਮਾਨਾ ਵੀ ਕੀਤਾ ਜਾ ਸਕਦਾ ਹੈ। ਵਿਭਾਗ ਵੱਲੋਂ ਹੁਣ ਤੱਕ ਕੁੱਲ 15 ਅਣ-ਅਧਿਕਾਰਿਤ ਕਲੋਨੀ ਕੱਟਣ ਵਾਲੇ ਕਲੋਨਾਈਜ਼ਰਾਂ ਅਤੇ ਅਣ-ਅਧਿਕਾਰਿਤ ਉਸਾਰੀ ਕਰਨ ਵਾਲੇ ਉਸਾਰੀਕਰਤਾਵਾਂ ਵਿਰੁੱਧ ਐਫ.ਆਈ.ਆਰ ਦਰਜ ਕਰਨ ਲਈ ਪੁਲਿਸ ਵਿਭਾਗ ਨੂੰ ਲਿਖਿਆ ਜਾ ਚੁੱਕਾ ਹੈ। ਇਸ ਤੋਂ ਇਲਾਵਾ ਪੁੱਡਾ ਦੇ ਰੈਗੂਲੇਟਰੀ ਵਿੰਗ ਵੱਲੋਂ ਸਮੇਂ-ਸਮੇਂ ਤੇ ਜ਼ਿਲਾ ਅੰਮ੍ਰਿਤਸਰ ਅੰਦਰ ਵਿਕਸਿਤ ਕੀਤੀਆਂ ਜਾ ਰਹੀਆਂ ਅਣ-ਅਧਿਕਾਰਤ ਕਲੋਨੀਆਂ ਅਤੇ ਉਸਾਰੀਆਂ ਦਾ ਮੌਕਾ ਚੈਕ ਕਰਦੇ ਹੋਏ ਸਬੰਧਤ ਐਕਟ ਤਹਿਤ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਸਬੰਧਤ ਥਾਣਾ ਅਫਸਰ ਨੂੰ ਅਗਲੇਰੀ ਕਾਨੂੰਨੀ ਕਾਰਵਾਈ ਕਰਨ ਲਈ ਕਿਹਾ ਜਾ ਰਿਹਾ ਹੈ। ਏ.ਡੀ.ਏ.ਦੇ ਰੈਗੂਲੇਟਰੀ ਵਿੰਗ ਨੇ ਆਮ ਜਨਤਾ ਨੂੰ ਅਪੀਲ ਕੀਤੀ ਗਈ ਕਿ ਜ਼ਿਲੇ ਅੰਦਰ ਕਿਸੇ ਵੀ ਜਗ੍ਹਾ ਉੱਪਰ ਕਿਸੇ ਵੀ ਪ੍ਰਕਾਰ ਦੀ ਉਸਾਰੀ ਕਰਨ ਤੋਂ ਪਹਿਲਾਂ ਪੁੱਡਾ ਵਿਭਾਗ ਪਾਸੋਂ ਲੋੜੀਂਦੀਆਂ ਪ੍ਰਵਾਨਗੀਆਂ ਪ੍ਰਾਪਤ ਕਰਨ ਉਪਰੰਤ ਹੀ ਉਸਾਰੀ ਕੀਤੀ ਜਾਵੇ।

# ਬ੍ਰਹਮਲੀਨ ਸ੍ਰੀ 108 ਸੰਤ ਮੰਗਲ ਦਾਸ ਜੀ ਦੀ ਯਾਦ ਚ ਬਰਸੀ ਸਮਾਗਮ ਡੇਰਾ ਸੱਚਖੰਡ ਦੁੱਧਾਧਾਰੀ ਈਸਪੁਰ ਵਿਖੇ 27 ਮਾਰਚ ਨੂੰ ਮਨਾਇਆ ਜਾਵੇਗਾ-


ਬ੍ਰਹਮਲੀਨ ਸ੍ਰੀ 108 ਸੰਤ ਮੰਗਲ ਦਾਸ ਜੀ ਮਹਾਰਾਜ

ਫ਼ਗਵਾੜਾ-ਈਸਪੁਰ (ਸੁਸ਼ੀਲ ਸ਼ਰਮਾ) ਪਰਮ ਪੂਜਯ ਧੰਨ ਧੰਨ ਬ੍ਰਹਮਲੀਨ ਸ੍ਰੀ 108 ਸੰਤ ਮੰਗਲ ਦਾਸ ਜੀ ਮਹਾਰਾਜ ਦੀ ਯਾਦ ਵਿੱਚ ਚੌਥਾ ਬਰਸੀ ਸਮਾਗਮ ਡੇਰਾ ਸ੍ਰੀ 108 ਸੰਤ ਬਾਬਾ ਬਸਾਉ ਦਾਸ ਜੀ ਸੱਚਖੰਡ ਦੁੱਧਾਧਾਰੀ ਈਸਪੁਰ (ਹੁਸ਼ਿਆਰਪੁਰ) ਵਿਖੇ ਮਿਤੀ 27 ਮਾਰਚ, 2025 ਦਿਨ ਵੀਰਵਾਰ ਨੂੰ ਸੰਤ ਬੀਬੀ ਪ੍ਰਕਾਸ਼ ਕੌਰ ਜੀ ਅਤੇ ਡੇਰਾ ਸੰਚਾਲਕ ਸ੍ਰੀ 108 ਸੰਤ ਹਰਵਿੰਦਰ ਦਾਸ ਜੀ ਵੱਲੋਂ ਅਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ। ਆਪ ਜੀ ਨੇ ਪਰਿਵਾਰ ਸਹਿਤ ਦਰਸ਼ਨ ਦੇਣ ਦੀ ਕਿਰਪਾਲਤਾ ਕਰਨੀ ਜੀ। ਸਭ ਤੋਂ ਪਹਿਲਾਂ ਗੁਰੂ ਰਵਿਦਾਸ ਜੀ ਮਹਾਰਾਜ ਜੀ ਦੀ ਅੰਮ੍ਰਿਤ ਬਾਣੀ ਜੀ ਦੇ ਪਾਠ ਦੇ ਭੋਗ ਪਾਏ ਜਾਣਗੇ। ਇਸ ਉਪਰੰਤ ਕੀਰਤਨੀ ਅਤੇ ਰਾਗੀ ਜਥਿਆਂ ਅਤੇ ਵੱਖ-ਵੱਖ ਡੇਰਿਆਂ ਤੋਂ ਆਏ ਹੋਏ ਸੰਤਾਂ ਮਹਾਂਪੁਰਸ਼ਾਂ ਵਲੋਂ ਕਥਾ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਜਾਵੇਗਾ ਅਤੇ ਬ੍ਰਹਮਲੀਨ ਸ੍ਰੀ 108 ਸੰਤ ਮੰਗਲ ਦਾਸ ਜੀ ਦੀ ਯਾਦ ਵਿੱਚ ਸ਼ਰਧਾ ਦੇ ਫੁੱਲ ਭੇਟ ਕੀਤੇ ਜਾਣਗੇ। ਸੰਗਤਾਂ ਨੂੰ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਜਾਣਗੇ।

# ਪ.ਸ.ਸ.ਫ.ਦੀ ਆਨ-ਲਾਈਨ ਵਰਚੁਅਲ ਮੀਟਿੰਗ ਹੋਈ 25 ਦੀ ਮੁਹਾਲੀ ਰੈਲੀ ਵਿੱਚ ਭਰਵੀਂ ਸ਼ਮੂਲੀਅਤ ਦਾ

ਫ਼ਗਵਾੜਾ-ਜਲੰਧਰ (ਸੁਸ਼ੀਲ ਸ਼ਰਮਾ) ਸੂਬੇ ਦੇ ਮੁਲਾਜ਼ਮਾਂ ਦੀ ਸੰਘਰਸ਼ਸ਼ੀਲ ਜੱਥੇਬੰਦੀ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (ਪ.ਸ.ਸ.ਫ.) ਦੀ ਇੱਕ ਬਹੁਤ ਹੀ ਅਹਿਮ ਵਰਚੁਅਲ ਮੀਟਿੰਗ ਸੂਬਾ ਪ੍ਰਧਾਨ ਸਤੀਸ਼ ਰਾਣਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੀ ਕਾਰਵਾਈ ਚਲਾਉਂਦਿਆਂ ਜੱਥੇਬੰਦੀ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਨੇ ਦੱਸਿਆ ਕਿ ਮੀਟਿੰਗ ਦੇ ਆਰੰਭ ਵਿੱਚ ਜੱਥੇਬੰਦੀ ਵਲੋਂ ਪਿਛਲੇ ਕੀਤੇ ਐਕਸ਼ਨਾ ਦਾ ਰੀਵਿਊ ਕੀਤਾ ਗਿਆ ਜਿਸ ਵਿੱਚ 7-8 ਫਰਵਰੀ ਨੂੰ ਮਾਰੇ ਗਏ ਦਿਨ-ਰਾਤ ਦੇ ਧਰਨਿਆ ਸਬੰਧੀ ਕੀਤੀ ਗਈ ਸ਼ਮੂਲੀਅਤ ਤੇ ਸੰਤੁਸ਼ਟੀ ਦਾ ਪ੍ਰਗਟਾਵਾ ਕੀਤਾ ਗਿਆ।ਇਸ ਉਪਰੰਤ ਵੱਖ-ਵੱਖ ਵਿਭਾਗੀ ਜੱਥੇਬੰਦੀਆਂ ਵਲੋਂ ਕੀਤੇ ਜਾ ਰਹੇ ਸੰਘਰਸ਼ਾਂ ਦੀ ਰਿਪੋਰਟ ਪੇਸ਼ ਕੀਤੀ ਗਈ। ਸੂਬਾ ਪ੍ਰਧਾਨ ਵਲੋਂ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਵਲੋਂ ਵਿਧਾਨ ਸਭਾ ਦੇ ਬੱਜਟ ਸੈਸ਼ਨ ਦੌਰਾਨ ਕੀਤੇ ਜਾਣ ਵਾਲੇ ਐਕਸ਼ਨਾਂ ਸਬੰਧੀ ਜਾਣਕਾਰੀ ਪ੍ਰਦਾਨ ਕੀਤੀ ਗਈ। ਉਹਨਾਂ ਦੱਸਿਆਂ ਕਿ ਸਾਂਝੇ ਫਰੰਟ ਵਲੋਂ ਪਿਛਲੇ ਸਮੇਂ ਦੌਰਾਨ ਪੰਜਾਬ ਦੇ ਸਾਰੇ ਹੀ ਵਿਧਾਇਕਾਂ ਨੂੰ ਮੰਗ ਪੱਤਰ ਸੌਂਪੇ ਜਾ ਚੁੱਕੇ ਹਨ ਤਾਂ ਜੋ ਵਿਧਾਨ ਸਭਾ ਦੇ ਸੈਸ਼ਨ ਵਿੱਚ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀ ਮੰਗਾਂ ਨੂੰ ਉਠਾਇਆ ਜਾ ਸਕੇ। ਸਾਂਝੇ ਫਰੰਟ ਵਲੋਂ ਫੈਸਲਾ ਕੀਤਾ ਗਿਆ ਹੈ ਕਿ ਬੱਜਟ ਸੈਸ਼ਨ ਦੌਰਾਨ ਮਿਤੀ 24 ਅਤੇ 25 ਮਾਰਚ ਨੂੰ ਮੁਹਾਲੀ ਵਿਖੇ ਸੰਘਰਸ਼ ਕੀਤਾ ਜਾਵੇਗਾ ਜਿਸਦੇ ਤਹਿਤ ਮਿਤੀ 24 ਮਾਰਚ ਨੂੰ ਪੈਨਸ਼ਨਰ ਜੱਥੇਬੰਦੀਆਂ ਅਤੇ 25 ਮਾਰਚ ਨੂੰ ਮੁਲਾਜ਼ਮ ਜੱਥੇਬੰਦੀਆਂ ਵਲੋਂ ਰੈਲੀਆਂ ਕੀਤੀਆਂ ਜਾਣਗੀਆਂ। ਮੀਟਿੰਗ ਦੇ ਫੈਸਲਿਆਂ ਸਬੰਧੀ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਜੱਥੇਬੰਦੀ ਦੇ ਸੂਬਾ ਪ੍ਰੈਸ ਸਕੱਤਰ ਇੰਦਰਜੀਤ ਵਿਰਦੀ ਨੇ ਦੱਸਿਆ ਕਿ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਹੈ ਕਿ ਸਾਂਝੇ ਫਰੰਟ ਦੇ ਸੱਦੇ ਤੇ ਮਿਤੀ 25 ਮਾਰਚ ਨੂੰ ਸਿੱਖਿਆ ਭਵਨ ਮੁਹਾਲੀ ਨਜ਼ਦੀਕ ਕੀਤੀ ਜਾਣ ਵਾਲੀ ਰੈਲੀ ਵਿੱਚ ਪ.ਸ.ਸ.ਫ. ਵਲੋਂ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ। ਇਸ ਰੈਲੀ ਵਿੱਚ ਸ਼ਮਮੂਲੀਅਤ ਦੀ ਤਿਆਾਰੀ ਸਬਬੰਧੀ ਜ਼ਿਲ੍ਹਾ ਆਗੂਅ ਨੂੰ ਮੀਟਿੰਗ ਕਰਕੇ ਮੁਲਾਜ਼ਮਾਂ ਦੀ ਸ਼ਮੂਲੀਅਤ ਸਬੰਧੀ ਨਿਰਦੇਸ਼ ਦੇ ਦਿੱਤੇ ਗਏ ਹਨ। ਜ਼ਿਲ੍ਹਾ ਆਗੂਆਂ ਵਲੋਂ ਮੀਟਿੰਗ ਵਿੱਚ ਯਕੀਨ ਦਵਾਇਆ ਗਿਆ ਕਿ ਸਾਰੇ ਹੀ ਜ਼ਿਲ੍ਹਿਆਂ ਵਿੱਚੋਂ ਮੁਲਾਜ਼ਮ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ ਅਤੇ ਮੁੱਖ ਮੰਤਰੀ ਦੇ ਮੁਲਾਜ਼ਮ ਅਤੇ ਲੋਕ ਵਿਰੋਧੀ ਵਤੀਰੇ ਦੀ ਖੁੱਲ ਕੇ ਵਿਰੋਧਤਾ ਕਰਨਗੇ। ਮੀਟਿੰਗ ਵਿੱਚ ਉਪਰੋਕਤ ਆਗੂਆਂ ਤੋਂ ਇਲਾਵਾ ਮੱਖਣ ਸਿੰਘ ਵਾਹਿਦਪੁਰੀ,ਸੁਖਵਿੰਦਰ ਚਾਹਲ, ਗੁਰਦੀਪ ਸਿੰਘ ਬਾਜਵਾ,ਅਨਿਲ ਕੁਮਾਰ,ਗੁਰਪ੍ਰੀਤ ਸਿੰਘ ਹੀਰ, ਬਲਵਿੰਦਰ ਭੁੱਟੋ,ਗੁਰਦੇਵ ਸਿੰਘ ਸਿੱਧੂ,ਬੀਰਇੰਦਰਜੀਤ ਪੁਰੀ, ਕਿਸ਼ੋਰ ਚੰਦ ਗਾਜ,ਨਿਰਮੋਲਕ ਸਿੰਘ ਹੀਰਾ,ਮਨੋਹਰ ਲਾਲ ਸ਼ਰਮਾ,ਪ੍ਰਸ਼ੋਤਮ ਲਾਲ,ਬਲਜਿੰਦਰ ਸਿੰਘ,ਪ੍ਰੇਮ ਸਿੰਘ,ਸਰਬਜੀਤ ਪੱਟੀ,ਗੁਰਬਿੰਦਰ ਸਿੰਘ,ਸਤਨਾਮ ਸਿੰਘ,ਜਸਵਿੰਦਰ ਸੋਜਾ, ਜਤਿੰਦਰ ਕੁਮਾਰ,ਕੁਲਦੀਪ ਕੌੜਾ,ਅਮਰੀਕ ਸਿੰਘ,ਕੁਲਦੀਪ ਪੁਰੋਵਾਲ,ਬਿਮਲਾ ਰਾਣੀ,ਰਾਣੋ ਖੇੜੀ ਗਿੱਲਾਂ ਆਦਿ ਆਗੂ ਵੀ ਹਾਜਰ ਸਨ।


25 ਦੀ ਰੈਲੀ ਵਿੱਚ ਸ਼ਮੂਲੀਅਤ ਲਈ ਕੀਤੀ ਮੀਟਿੰਗ ਸਬੰਧੀ ਜਾਣਕਾਰੀ ਦਿੰਦੇ ਪ.ਸ.ਸ.ਫ. ਦੇ ਸੂਬਾਈ ਆਗੂ

# ਚਾਰ ਸਾਹਿਬਜ਼ਾਦੇ ਦੀ ਯਾਦ ਵਿੱਚ ਚੌਥਾ ਸਾਲਾਨਾ 22 ਨੂੰ ਨਗਰ ਕੀਰਤਨ ਅਤੇ ਮਹਾਨ ਕੀਰਤਨ ਦਰਬਾਰ ਕਰਵਾਇਆ ਜਾ ਰਿਹਾ ਹੈ



ਲੁਧਿਆਣਾ( ਸੁਖਚੈਨ ਮਹਿਰਾ)ਬਾਬਾ ਗੁਰਦਿੱਤਾ ਜੀ ਸੇਵਾ ਸੁਸਾਇਟੀ ਦੀ ਮਿਟਿੰਗ ਸੁਸਾਇਟੀ ਦੇ ਮੁੱਖ ਸੇਵਾਦਾਰ ਹਨੀ ਸਿੰਘ ਦੀ ਅਗਵਾਈ ਹੇਠ ਹੋਇ,ਮੁੱਖ ਦਫਤਰ ਮੈਂਨ ਰੋਡ ਬਸਤੀ ਜੋਧੇਵਾਲ ਵਿਖੇ ਹੋਇ, ਮੁੱਖ ਸੇਵਾਦਾਰ ਹਨੀ ਸਿੰਘ ਨੇ ਦਸਿਆ ਸਾਹਿਬਜਾਦਿਆਂ ਦੀ ਯਾਦ ਚ ਚੌਥਾ ਮਹਾਨ ਕੀਰਤਨ ਦਰਬਾਰ ਅਤੇ ਨਗਰ ਕੀਰਤਨ ਮਿਤੀ 22 ਮਾਰਚ 2025 ਨੂੰ ਬੜੇ ਹੀ ਸਤਿਕਾਰ ਨਾਲ ਕਰਵਾਇਆ ਜਾ ਰਿਹਾ ਹੈ ਜੋ ਕਿ ਨਗਰ ਆਰੰਭ ਮਿਤੀ 22 ਮਾਰਚ 2025 ਨੂੰ ਦੁਪਹਿਰ 1 ਵਜੇ ਗੁ:ਮਾਤਾ ਭਾਗਵੰਤੀ ਸਿੰਘ ਸਭਾ ਤੋਂ ਆਰੰਭ ਹੋ ਕੇ ਬਾਲ ਸਿੰਘ ਨਗਰ ਰੋਡ ਜਗਦੀਪ ਨਗਰ ਫ਼ਰੀਦ ਤੋਂ ਹੁੰਦਾ ਹੋਇਆਂ ਸ਼ਿਸ਼ੂ ਮਾਡਲ ਸਕੂਲ ਵਾਲੀ ਗਲੀ ਚੋ ਹੋ ਕੇ ਬਸਤੀ ਜੋਧੇਆਲ ਮੈਂਨ ਰੋਡ ਤੇ ਸਮਾਪਤ ਹੋਵੇਗਾ ਜੀ, ਨਗਰ ਤੋਂ ਬਾਦ ਦੀਵਾਨ ਲਗਨ ਗੇ, ਜਿਸ ਚ ਪੰਥ ਦੇ ਮਹਾਨ ਕੀਰਤਨੀ ਜਥੇ ਕਥਾ ਵਾਚਕ ਗੁਰ ਜਸ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਤੇ ਮਜੂਦ ਰਹੇ ਸੇਵਾਦਾਰ ਰਾਜਿੰਦਰ ਸਿੰਘ,ਚਰਨਜੀਤ ਸਿੰਘ ਜਸਵਿੰਦਰ ਸਿੰਘ ਹਰਸ਼ ਸਿੰਘ ਜਸਬੀਰ ਸਿੰਘ ਮਨਜੀਤ ਸਿੰਘ ਲਕੀ ਔਜਲਾ ਵਿਕੀ ਚੜਾ ਹਾਜਰ ਰਹੇ

# ਕਾਨਪੁਰ ਚ ਜੇਲ ਤੋਂ ਰਿਹਾਅ ਹੋਣ ਤੋਂ ਬਾਅਦ ਅਪਰਾਧੀ ਨੇ ਮੁਖਬਰ ਹੋਣ ਦੇ ਸ਼ੱਕ ਚ ਇਕ ਨੌਜਵਾਨ ਦਾ ਕਤਲ ਕਰ ਦਿੱਤਾ



ਕਾਨਪੁਰ। ਸੁਨੀਲ ਬਾਜਪਾਈ ਦੋਸ਼ੀ ਨੇ ਨੌਜਵਾਨ ਨੂੰ ਗ੍ਰਿਫਤਾਰ ਕਰਨ ਲਈ ਮੁਖਬਰ ਹੋਣ ਦੇ ਸ਼ੱਕ ਚ ਉਸ ਦਾ ਕਤਲ ਕਰ ਦਿੱਤਾ, ਜਿਸ ਤੋਂ ਬਾਅਦ ਪੁਲਸ ਨੇ ਰਿਪੋਰਟ ਦਰਜ ਕਰ ਕੇ ਦੋਸ਼ੀ ਅਤੇ ਉਸ ਦੇ ਸਾਥੀਆਂ ਦੀ ਭਾਲ ਕੀਤੀ ਜਾ ਰਹੀ ਹੈ। ਇਹ ਘਟਨਾ ਗੋਵਿੰਦ ਨਗਰ ਥਾਣਾ ਖੇਤਰ ਦੀ ਹੈ।


ਪ੍ਰਾਪਤ ਜਾਣਕਾਰੀ ਅਨੁਸਾਰ ਪਿੰਡ ਪੱਕੀ ਦਾ ਰਹਿਣ ਵਾਲਾ 26 ਸਾਲਾ ਸੁਬੋਧ ਸੋਨੀ ਆਟੋ ਚਲਾ ਕੇ ਆਪਣੇ ਪਰਿਵਾਰ ਦਾ ਗੁਜ਼ਾਰਾ ਚਲਾਉਂਦਾ ਸੀ। ਉਹ ਆਪਣੇ ਪਿੱਛੇ ਪਤਨੀ ਆਯੂਸ਼ੀ ਸਵਿਤਾ ਅਤੇ 5 ਸਾਲ ਦਾ ਬੇਟਾ ਅਥਰਵ ਛੱਡ ਗਿਆ ਹੈ। ਮੌਕੇ ਤੇ ਪਹੁੰਚੇ ਚਚੇਰੇ ਭਰਾ ਅਭਿਸ਼ੇਕ ਨੇ ਪੁਲਸ ਨੂੰ ਦੱਸਿਆ ਕਿ 3 ਫਰਵਰੀ ਨੂੰ ਨੌਬਸਤਾ ਦੇ ਰਹਿਣ ਵਾਲੇ ਸਰਫਰਾਜ਼ ਨੂੰ ਪੁਲਸ ਨੇ ਪਿਸਤੌਲ ਦੇ ਕੇ ਜੇਲ ਭੇਜ ਦਿੱਤਾ ਸੀ। ਜੇਲ੍ਹ ਤੋਂ ਰਿਹਾਅ ਹੋਣ ਤੋਂ ਬਾਅਦ ਉਸ ਨੇ ਆਪਣੇ ਭਰਾ ਸੁਬੋਧ ਨਾਲ ਰੰਜਿਸ਼ ਰੱਖਣੀ ਸ਼ੁਰੂ ਕਰ ਦਿੱਤੀ।

ਪੁਲਸ ਮੁਤਾਬਕ ਘਟਨਾ ਦੇ ਸਮੇਂ ਦੋਸ਼ੀ ਸਰਫਰਾਜ ਆਪਣੇ ਦੋਸਤ ਸੁੰਦਰਮ ਨਾਲ ਘਰ ਆਇਆ ਸੀ। ਦੋਵੇਂ ਸੁਬੋਧ ਨੂੰ ਸ਼ਰਾਬ ਪਿਲਾਉਣ ਦੇ ਬਹਾਨੇ ਆਪਣੇ ਆਟੋ ਵਿੱਚ ਨੌਬਸਤਾ ਲੈ ਗਏ। ਇਸ ਤੋਂ ਬਾਅਦ ਪਹਿਲਾਂ ਉਸ ਨੂੰ ਸ਼ਰਾਬ ਪਿਲਾਈ ਗਈ ਅਤੇ ਫਿਰ ਉਸ ਦੀ ਕੁੱਟਮਾਰ ਕੀਤੀ ਗਈ। ਇਸ ਤੋਂ ਬਾਅਦ ਉਸ ਨੂੰ ਗੋਵਿੰਦ ਨਗਰ ਸਥਿਤ ਫੈਕਟਰੀ ਏਰੀਆ ਵਿੱਚ ਲਿਜਾਇਆ ਗਿਆ। ਇੱਥੇ ਵੀ ਉਸ ਦੀ ਕੁੱਟਮਾਰ ਕੀਤੀ ਗਈ।

ਇਸ ਦੌਰਾਨ ਮੌਕਾ ਦੇਖ ਕੇ ਸੁਬੋਧ ਨੇ ਆਪਣੀ ਪਤਨੀ ਆਯੂਸ਼ੀ ਨੂੰ ਫੋਨ ਕਰਕੇ ਘਟਨਾ ਦੀ ਜਾਣਕਾਰੀ ਦਿੱਤੀ। ਆਯੂਸ਼ੀ ਨੇ ਜੀਜਾ ਅਭਿਸ਼ੇਕ ਨੂੰ ਬੁਲਾਇਆ ਅਤੇ ਮੌਕੇ ਤੇ ਜਾਣ ਲਈ ਕਿਹਾ। ਜਦੋਂ ਅਭਿਸ਼ੇਕ ਆਪਣੇ ਹੋਰ ਭਰਾਵਾਂ ਨਾਲ ਭਾਲ ਕਰਦਾ ਹੋਇਆ ਗੋਵਿੰਦ ਨਗਰ ਨੇੜੇ ਪਹੁੰਚਿਆ ਤਾਂ ਉਸ ਨੇ ਦੇਖਿਆ ਕਿ ਸੁਬੋਧ ਆਟੋ ਦੇ ਅੰਦਰ ਪਿਆ ਹੋਇਆ ਸੀ। ਉਹ ਉਸ ਨੂੰ ਤੁਰੰਤ ਹਸਪਤਾਲ ਲੈ ਗਏ, ਜਿੱਥੇ ਡਾਕਟਰਾਂ ਨੇ ਉਸ ਨੂੰ ਦੇਖਦੇ ਹੀ ਮ੍ਰਿਤਕ ਐਲਾਨ ਦਿੱਤਾ।

ਮੌਕੇ ਤੇ ਪੁਲਿਸ ਵੱਲੋਂ ਇਹ ਵੀ ਦੱਸਿਆ ਗਿਆ ਕਿ ਸਰਫਰਾਜ਼ ਪਹਿਲਾਂ ਵੀ ਕਈ ਮਾਮਲਿਆਂ ਚ ਜੇਲ੍ਹ ਜਾ ਚੁੱਕਾ ਹੈ। ਜਦੋਂ ਨੌਬਸਤਾ ਪੁਲਿਸ ਨੇ ਉਸ ਨੂੰ 3 ਫਰਵਰੀ ਨੂੰ ਜੇਲ੍ਹ ਭੇਜਿਆ ਤਾਂ ਉਨ੍ਹਾਂ ਨੂੰ ਸ਼ੱਕ ਹੋਇਆ ਕਿ ਸੁਬੋਧ ਨੇ ਹੀ ਸੂਚਨਾ ਦਿੱਤੀ ਸੀ। ਪੁਲਿਸ ਸੂਤਰਾਂ ਦਾ ਦਾਅਵਾ ਹੈ ਕਿ ਇਸੇ ਕਾਰਨ ਉਸ ਦਾ ਕਤਲ ਕੀਤਾ ਗਿਆ ਹੈ। ਫਿਲਹਾਲ ਪੁਲਸ ਰਿਪੋਰਟ ਦਰਜ ਕਰ ਕੇ ਦੋਸ਼ੀਆਂ ਦੀ ਭਾਲ ਕਰ ਰਹੀ ਹੈ।

# ਡਰੱਗ ਕੰਟਰੋਲ ਅਧਿਕਾਰੀ ਬਬਲੀਨ ਕੌਰ ਵੱਲੋਂ 5 ਕੈਮਿਸਟ ਦੁਕਾਨਾਂ ਦੀ ਕੀਤੀ ਗਈ ਚੈਕਿੰਗ



ਫ਼ਗਵਾੜਾ-ਅੰਮ੍ਰਿਤਸਰ (ਸੁਸ਼ੀਲ ਸ਼ਰਮਾ) ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸਾਕਸ਼ੀ ਸਾਹਨੀ ਦੇ ਆਦੇਸ਼ਾਂ ਅਤੇ ਅਸਿਸਟੈਂਟ ਕਮਿਸ਼ਨਰ ਡਰੱਗ ਅਮਿਤ ਦੁਗਲ ਦੇ ਨਿਰਦੇਸ਼ਾਂ ਦੇ ਚੱਲਦਿਆਂ ਸ਼ਹਿਰ ਦੀ ਵੱਖ ਵੱਖ ਕੈਮਿਸਟਾਂ ਦੀਆਂ ਦੁਕਾਨਾਂ ਤੇ ਚੈਕਿੰਗ ਕੀਤੀ ਗਈ। ਜਿਸ ਦੌਰਾਨ ਨਸ਼ੇ ਦੇ ਲਈ ਵਿਕਰੀ ਕੀਤੀਆਂ ਜਾਣ ਵਾਲੀਆਂ ਦਵਾਈਆਂ ਰਿਕਾਰਡ ਦੀ ਮੈਂਟੇਨੈਂਸ ਨੂੰ ਗਹਿਰਾਈ ਦੇ ਨਾਲ ਚੈੱਕ ਕੀਤਾ ਗਿਆ। ਡਰੱਗ ਕੰਟਰੋਲਰ ਅਧਿਕਾਰੀ ਅੰਮ੍ਰਿਤਸਰ ਟੂ ਬਬਲੀਨ ਕੌਰ ਦੀ ਦੇਖਰੇਖ ਵਿੱਚ ਕੀਤੀ ਕਿ ਚੈਕਿੰਗ ਦੇ ਦੌਰਾਨ ਕੀਤੀ ਗਈ ਚੈਕਿੰਗ ਦੇ ਦੌਰਾਨ ਦੁਕਾਨ ਦੁਕਾਨਾਂ ਵਿੱਚ ਪਈਆਂ ਦਵਾਈਆਂ ਅਤੇ ਰਿਕਾਰਡ ਦਾ ਕੰਮ ਸੰਤੋਸ਼ਜਨਕ ਮਿਲਿਆ। ਕਾਰਵਾਈ ਦੇ ਦੌਰਾਨ ਸੁਲਤਾਨਵਿੰਡ ਰੋਡ ਸਥਿਤ ਸ੍ਰੀ ਹਰਗੋਬਿੰਦ ਮੈਡੀਕਲ ਸਟੋਰ, ਵਰਿੰਦਰ ਮੈਡੀਕਲ ਸਟੋਰ,ਚਾਟੀਵਿੰਡ ਰੋਡ ਤੇ ਬਾਬਾ ਦੀਪ ਸਿੰਘ ਮੈਡੀਕਲ ਸਟੋਰ,ਭਾਈ ਮੰਝ ਸਿੰਘ ਰੋਡ ਸਥਿਤ ਗਗਨ ਮੈਡੀਕਲ ਸਟੋਰ ਅਤੇ ਗੁਰੂ ਰਾਮਦਾਸ ਮੈਡੀਕਲ ਸਟੋਰ ਆਦਿ ਦੇ ਕੰਮਕਾਜ ਦਵਾਈਆਂ ਅਤੇ ਰਿਕਾਰਡ ਨੂੰ ਚੈੱਕ ਕੀਤਾ ਗਿਆ। ਇਸ ਮੌਕੇ ਤੇ ਵਿਭਾਗ ਦੇ ਕਰਮਚਾਰੀ ਚੇਤਨ ਸੌਂਧੀ ਦੀ ਵੀ ਮੌਜੂਦ ਸਨ।

# ਪੰਜਾਬ ਰਾਜ ਖੁਰਾਕ ਕਮਿਸ਼ਨ ਵੱਲੋਂ ਵਰਲਡ ਰਾਈਸ ਮੈਨ ਡਾ. ਜੀ.ਐਸ. ਖੁਸ਼ ਆਪਣੇ ਸ਼ਾਨਦਾਰ ਯੋਗਦਾਨ ਲਈ ਸਨਮਾਨਿਤ



ਲੁਧਿਆਣਾ, (ਸੁਖਚੈਨ ਮਹਿਰਾ) - ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਚੇਅਰਮੈਨ, ਬਾਲ ਮੁਕੰਦ ਸ਼ਰਮਾ ਨੇ ਪ੍ਰਸਿੱਧ ਵਿਸ਼ਵ ਭੋਜਨ ਪੁਰਸਕਾਰ ਜੇਤੂ, ਡਾ. ਗੁਰਦੀਪ ਸਿੰਘ ਖੁਸ਼, ਜਿਨ੍ਹਾਂ ਨੂੰ ਵਰਲਡ ਰਾਈਸ ਮੈਨ ਵਜੋਂ ਵੀ ਜਾਣਿਆ ਜਾਂਦਾ ਹੈ, ਨੂੰ ਭੋਜਨ ਸੁਰੱਖਿਆ ਵਿੱਚ ਉਨ੍ਹਾਂ ਦੇ ਮਹੱਤਵਪੂਰਨ ਯੋਗਦਾਨ ਲਈ ਸਨਮਾਨਿਤ ਕੀਤਾ।

ਭਾਰਤ ਸਰਕਾਰ ਦੇ ਸਾਬਕਾ ਪ੍ਰਮੁੱਖ ਸਕੱਤਰ, ਡਾ. ਬੀ.ਸੀ. ਗੁਪਤਾ, ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਉਪ-ਕੁਲਪਤੀ ਡਾ. ਜੀ.ਐਸ. ਗੋਸਲ, ਅਤੇ ਗਡਵਾਸੂ ਦੇ ਉਪ-ਕੁਲਪਤੀ ਜੇ.ਪੀ.ਐਸ. ਗਿੱਲ ਦੇ ਨਾਲ, ਸ਼ਰਮਾ ਨੇ ਵਿਸ਼ਵ ਭੋਜਨ ਸੁਰੱਖਿਆ ਵਿੱਚ ਉਨ੍ਹਾਂ ਦੀਆਂ ਲਾਸਾਨੀ ਸੇਵਾਵਾਂ ਲਈ ਡਾ. ਖੁਸ਼ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਇਸ ਗੱਲ ਤੇ ਜ਼ੋਰ ਦਿੱਤਾ ਕਿ ਡਾ. ਖੁਸ਼ ਨੇ ਤੇਜ਼ੀ ਨਾਲ ਆਬਾਦੀ ਵਾਧੇ ਦੇ ਸਮੇਂ ਦੌਰਾਨ ਵਿਸ਼ਵਵਿਆਪੀ ਕਾਸ਼ਤ ਲਈ ਚੌਲਾਂ ਦੀਆਂ 300 ਤੋਂ ਵੱਧ ਕਿਸਮਾਂ ਵਿਕਸਤ ਕੀਤੀਆਂ ਹਨ। ਚਾਵਲ ਕ੍ਰਾਂਤੀ ਦੇ ਪਿਤਾਮਾ ਵਜੋਂ ਜਾਣੇ ਜਾਂਦੇ ਡਾ. ਖੁਸ਼ ਨੇ ਅਮਰੀਕਾ ਜਾਣ ਤੋਂ ਪਹਿਲਾਂ 1955 ਵਿੱਚ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਤੋਂ ਗ੍ਰੈਜੂਏਸ਼ਨ ਕੀਤੀ।

ਚੇਅਰਮੈਨ ਸ਼ਰਮਾ ਨੇ ਇਹ ਵੀ ਦੱਸਿਆ ਕਿ ਡਾ. ਖੁਸ਼ ਨੇ ਉੱਨਤ ਖੋਜ ਅਧਿਐਨਾਂ ਅਤੇ ਫੈਕਲਟੀ ਵਿਕਾਸ ਨੂੰ ਸਮਰਥਨ ਦੇਣ ਲਈ ਪੀ.ਏ.ਯੂ. ਨੂੰ ਖੁੱਲ੍ਹੇ ਦਿਲ ਨਾਲ 3.5 ਕਰੋੜ ਰੁਪਏ ਦਾਨ ਕੀਤੇ ਸਨ। ਉਨ੍ਹਾਂ ਦੀ ਫਾਊਂਡੇਸ਼ਨ ਖੇਤੀਬਾੜੀ ਦੇ ਉੱਤਮ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਵੀ ਪ੍ਰਦਾਨ ਕਰਦੀ ਹੈ। ਉਨ੍ਹਾਂ ਕਿਹਾ ਕਿ ਡਾ. ਖੁਸ਼ ਨੂੰ ਭਾਰਤ ਸਰਕਾਰ ਦੁਆਰਾ ਭੋਜਨ ਸੁਰੱਖਿਆ ਦੇ ਖੇਤਰ ਵਿੱਚ ਉਨ੍ਹਾਂ ਦੇ ਸ਼ਾਨਦਾਰ ਕੰਮ ਲਈ ਪਦਮ ਸ਼੍ਰੀ ਨਾਲ ਵੀ ਸਨਮਾਨਿਤ ਕੀਤਾ ਗਿਆ ਸੀ।

ਸਮਾਗਮ ਦੌਰਾਨ, ਸ਼ਰਮਾ ਨੇ ਪੋਸ਼ਣ ਸੁਰੱਖਿਆ ਨੂੰ ਉਤਸ਼ਾਹਿਤ ਕਰਨ ਲਈ ਸਰਕਾਰ ਦੀਆਂ ਪਹਿਲਕਦਮੀਆਂ ਬਾਰੇ ਗੱਲ ਕੀਤੀ ਅਤੇ ਮੌਜੂਦਾ ਸੰਦਰਭ ਵਿੱਚ ਇਸ ਲੋੜ ਨੂੰ ਪੂਰਾ ਕਰਨ ਦੀ ਮਹੱਤਤਾ ਤੇ ਜ਼ੋਰ ਦਿੱਤਾ। ਡਾ. ਖੁਸ਼ ਨੇ ਇਹ ਕਹਿੰਦੇ ਹੋਏ ਇਕੱਠ ਨੂੰ ਵੀ ਸੰਬੋਧਨ ਕੀਤਾ ਕਿ ਹੁਣ ਪੌਸ਼ਟਿਕ ਭੋਜਨ ਕ੍ਰਾਂਤੀ ਦਾ ਸਮਾਂ ਹੈ।

ਪੀ.ਏ.ਯੂ. ਦੇ ਵਾਈਸ-ਚਾਂਸਲਰ ਡਾ. ਜੀ.ਐਸ. ਗੋਸਲ ਅਤੇ ਗਡਵਾਸੂ ਦੇ ਵਾਈਸ-ਚਾਂਸਲਰ ਜੇ.ਪੀ.ਐਸ. ਗਿੱਲ ਨੇ ਵੀ ਇਸ ਸਮਾਗਮ ਮੌਕੇ ਸੰਬੋਧਨ ਕੀਤਾ। ਇਸ ਤੋਂ ਇਲਾਵਾ, ਡਾ. ਬੀ.ਸੀ. ਗੁਪਤਾ, ਜਿਨ੍ਹਾਂ ਨੇ ਰਾਸ਼ਟਰੀ ਖੁਰਾਕ ਸੁਰੱਖਿਆ ਐਕਟ ਨੂੰ ਤਿਆਰ ਕਰਨ ਅਤੇ ਲਾਗੂ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ, ਨੇ ਆਪਣੀਆਂ ਸੂਝਾਂ ਸਾਂਝੀਆਂ ਕੀਤੀਆਂ।

ਇਸ ਮੌਕੇ ਕਮਿਸ਼ਨ ਦੇ ਹੋਰ ਮੈਂਬਰ, ਜਿਨ੍ਹਾਂ ਵਿੱਚ ਵਿਜੇ ਦੱਤ, ਚੇਤਨ ਪ੍ਰਕਾਸ਼ ਧਾਲੀਵਾਲ, ਪ੍ਰੀਤੀ ਚਾਵਲਾ, ਅਤੇ ਨਾਲ ਹੀ ਪੀ.ਏ.ਯੂ. ਅਤੇ ਹੋਰ ਸੰਸਥਾਵਾਂ ਦੇ ਸੀਨੀਅਰ ਫੈਕਲਟੀ ਮੈਂਬਰ ਵੀ ਮੌਜੂਦ ਸਨ।

# ਡਿਪਟੀ ਕਮਿਸ਼ਨਰ ਵੱਲੋਂ ਦਿਹਾਤੀ ਖੇਤਰਾਂ ਚ ਚੱਲ ਰਹੇ ਪ੍ਰਾਜੈਕਟਾਂ ਦੀ ਸਮੀਖਿਆ



ਮਾਲੇਰਕੋਟਲਾ :(ਕਿੰਮੀ ਅਰੋੜਾ,ਅਸਲਮ ਨਾਜ਼)

ਡਿਪਟੀ ਕਮਿਸ਼ਨਰ ਵਿਰਾਜ ਐਸ.ਤਿੜਕੇ ਨੇ ਦਿਹਾਤੀ ਖੇਤਰਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ /ਪ੍ਰਾਜੈਕਟਾਂ ਦਾ ਜਾਇਜ਼ਾ ਲੈਂਦਿਆਂ ਜ਼ਿਲ੍ਹੇ ਦੇ ਸਮੂਹ ਬਲਾਕ ਵਿਕਾਸ ਪੰਚਾਇਤ ਅਫ਼ਸਰਾਂ ਨੂੰ ਹਦਾਇਤ ਕੀਤੀ ਕਿ ਉਹ ਆਪਣੇ ਅਧੀਨ ਆਉਂਦੇ ਪਿੰਡਾਂ ਦੇ ਵਿਕਾਸ ਕੰਮਾਂ ਦੀ ਪ੍ਰਗਤੀ ਦੀ ਰਿਪੋਰਟ ਪਿੰਡ ਵਾਈਜ਼ ਤਿਆਰ ਕਰਕੇ ਜਮ੍ਹਾਂ ਕਰਵਾਉਣ ਅਤੇ ਨਜਾਇਜ ਕਬਜ਼ਿਆਂ ਸਬੰਧ ਚੱਲ ਰਹੇ ਕੋਰਟ ਕੇਸਾਂ ਸਬੰਧੀ ਵਿਸਥਾਰਪੂਰਵਕ ਰਿਪੋਰਟ ਤਿਆਰ ਕਰਕੇ ਜਲਦ ਤੋਂ ਜਲਦ ਜਮ੍ਹਾਂ ਕਰਵਾਉਂਣ ਨੂੰ ਤਰਜ਼ੀਹ ਦੇਣ ਤਾਂ ਜੋ ਕੇਸ ਦੀ ਉਚਿੱਤ ਪੈਰਵੀ ਹੋ ਸਕੇ।

ਡਿਪਟੀ ਕਮਿਸ਼ਨਰ ਨੇ ਜਲ ਸਪਲਾਈ ਵਿਭਾਗ ਵਲੋਂ ਉਸਾਰੀਆਂ ਜਾ ਰਹੀਆਂ ਜਲ ਸਪਲਾਈ ਸਕੀਮਾਂ, ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਰਾਹੀਂ ਕਰਵਾਏ ਜਾਣ ਵਾਲੇ ਕਾਰਜਾਂ, ਵਿੱਤ ਕਮਿਸ਼ਨ, ਪਿੰਡਾਂ ਵਿੱਚ ਉਸਾਰੇ ਜਾ ਰਹੇ ਸਾਂਝੇ ਪਖਾਨੇ, ਠੋਸ ਤੇ ਤਰਲ ਕੂੜਾ ਪ੍ਰਬੰਧਨ ਦੇ ਪ੍ਰਾਜੈਕਟਾਂ ਦੀ ਵੀ ਸਮੀਖਿਆ ਕੀਤੀ। ਉਨ੍ਹਾਂ ਜ਼ਿਲ੍ਹੇ ਨੂੰ ਸਰਕਾਰ ਦੀਆਂ ਹਦਾਇਤਾ ਅਨੁਸਾਰ ਓ.ਡੀ.ਐਫ.ਪਲੱਸ ਘੋਸ਼ਿਤ ਕਰਵਾਉਣ ਲਈ ਹਰ ਸੰਭਵ ਉਪਰਾਲੇ ਕਰਨ ਦੇ ਨਿਰਦੇਸ਼ ਦਿੱਤੇ । ਇਸ ਤੋਂ ਬਿਨ੍ਹਾਂ ਲਿੰਕ ਰੋਡਾਂ ਦੀ ਉਸਾਰੀ, ਮਗਨਰੇਗਾ, ਪੇਂਡੂ ਲਾਇਬ੍ਰੇਰੀਆਂ, ਸਵੱਛ ਭਾਰਤ ਮਿਸ਼ਨ, ਸਾਂਝੇ ਪਖਾਨਿਆਂ ਦੀ ਉਸਾਰੀ,ਠੋਸ ਤੇ ਤਰਲ ਕੂੜਾ ਪ੍ਰਬੰਧਨ ਪ੍ਰਾਜੈਕਟਾਂ, ਦੀ ਸਮੀਖਿਆ ਕਰਦਿਆਂ ਡਿਪਟੀ ਕਮਿਸ਼ਨਰ ਨੇ ਹਦਾਇਤ ਕੀਤੀ ਕਿ ਹਰੇਕ ਅਧਿਕਾਰੀ ਪ੍ਰਗਤੀ ਦਿਖਾਵੇ ਤੇ ਕਿਸੇ ਵੀ ਕੰਮ ਵਿੱਚ ਢਿੱਲ ਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ

ਡਿਪਟੀ ਕਮਿਸ਼ਨਰ ਨੇ ਸਮੂਹ ਵਿਕਾਸ਼ ਏਜੰਸੀਆਂ ਦੇ ਨੁਮਾਇੰਦਿਆਂ ਨੂੰ ਨਿਰਦੇਸ਼ ਦਿੱਤੇ ਕਿ ਵਿਕਾਸ ਕਾਰਜਾਂ ਵਿੱਚ ਗੁਣਵੰਤਾ ਦਾ ਵਿਸ਼ੇਸ ਧਿਆਨ ਰੱਖਿਆ ਜਾਵੇ ਅਤੇ ਕੰਮ ਤਹਿ ਸਮੇਂ ਸੀਮਾਂ ਤਹਿਤ ਮੁਕੰਮਲ ਕੀਤੇ ਜਾਣ। ਉਨ੍ਹਾਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਪੰਜਾਬ ਨਿਰਮਾਣ,ਐਮ.ਪੀ. ਲੈਡ ਦੇ ਚੱਲ ਰਹੇ ਕੰਮਾਂ ਨੂੰ ਜਲਦ ਮੁਕੰਮਲ ਕਰਵਾਉਣ ਅਤੇ ਪਿਛਲੀਆਂ ਗ੍ਰਾਂਟਾਂ ਦੇ ਵਰਤੋਂ ਸਰਟੀਫਿਕੇਟ ਜਮ੍ਹਾਂ ਕਰਕੇ ਏ.ਸੀ./ਡੀ.ਸੀ. ਬਿਲਾਂ ਦਾ ਬਕਾਇਆ ਜ਼ੀਰੋ ਕਰਨ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸੁਖਪ੍ਰੀਤ ਸਿੰਘ ਸਿੱਧੂ, ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਨਵਦੀਪ ਕੌਰ, ਐਸ.ਡੀ.ਐਮ ਮਾਲੇਰਕੋਟਲਾ/ਅਹਿਮਦਗੜ੍ਹ ਹਰਬੰਸ ਸਿੰਘ, ਐਸ.ਡੀ.ਐਮ ਅਮਰਗੜ੍ਹ ਰਾਕੇਸ਼ ਪ੍ਰਕਾਸ਼, ਸਹਾਇਕ ਕਮਿਸ਼ਨਰ ਗੁਰਮੀਤ ਕੁਮਾਰ ਬਾਂਸਲ, ਡੀ.ਡੀ.ਪੀ.ਓ ਰਿੰਪੀ ਗਰਗ, ਐਕਸ਼ੀਅਨ ਪੀ.ਡਬਲਿਊ.ਡੀ ਪਰਨੀਤ ਕੌਰ ਟਿਵਾਣਾ,ਐਕਸ਼ੀਅਨ ਪੰਚਾਇਤੀ ਰਾਜ ਰਣਜੀਤ ਸਿੰਘ ਸ਼ੇਰਗਿੱਲ,ਐਕਸ਼ੀਅਨ ਜਲ ਸਪਲਾਈ ਅਤੇ ਸੈਨੀਟੇਸ਼ਨ ਇੰਜ.ਗੁਰਵਿੰਦਰ ਸਿੰਘ ਢੀਂਡਸਾ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਯੁਵਕ ਸੇਵਾਵਾਂ ਵਿਭਾਗ ਲੁਧਿਆਣਾ ਵੱਲੋਂ ਜ਼ਿਲ੍ਹਾ ਪੱਧਰੀ ਦੋ ਰੋਜ਼ਾ ਸਿਖਲਾਈ ਵਰਕਸ਼ਾਪ ਆਯੋਜਿਤ



ਲੁਧਿਆਣਾ, (ਸੁਖਚੈਨ ਮਹਿਰਾ) – ਯੁਵਕ ਸੇਵਾਵਾਂ ਵਿਭਾਗ, ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਦਵਿੰਦਰ ਸਿੰਘ ਲੋਟੇ, ਸਹਾਇਕ ਡਾਇਰੈਕਟਰ, ਯੁਵਕ ਸੇਵਾਵਾਂ ਵਿਭਾਗ, ਲੁਧਿਆਣਾ ਦੀ ਅਗਵਾਈ ਵਿੱਚ 18 ਅਤੇ 19 ਮਾਰਚ ਨੂੰ ਜ਼ਿਲ੍ਹਾ ਪੱਧਰ ਦੀ ਦੋ ਰੋਜ਼ਾ ਯੂਥ ਸਿਖਲਾਈ ਵਰਕਸ਼ਾਪ ਐਸ.ਸੀ.ਡੀ ਕਾਲਜ਼, ਲੁਧਿਆਣਾ ਵਿਖੇ ਕਰਵਾਈ ਗਈ।

ਇਸ ਦੋ ਦਿਨਾ ਸਿਖਲਾਈ ਵਰਕਸ਼ਾਪ ਵਿੱਚ ਪੰਚਾਇਤੀ ਵਿਭਾਗ ਖੇਤੀਬਾੜੀ ਵਿਭਾਗ, ਜੰਗਲਾਤ ਵਿਭਾਗ, ਸਿਵਲ ਸਰਜਨ ਦਫਤਰ, ਪੇਂਡੂ ਸਵੈ ਰੋਜ਼ਗਾਰ ਸਿਖਲਾਈ ਸੰਸਥਾ ਆਦਿ ਦੇ ਵੱਖ ਵੱਖ ਬੁਲਾਰਿਆਂ ਵੱਲੋਂ ਆਪਣੇ ਆਪਣੇ ਵਿਸ਼ਿਆਂ ਸਬੰਧੀ ਜਾਣਕਾਰੀ ਦਿੱਤੀ ਗਈ।

ਦਵਿੰਦਰ ਸਿੰਘ ਲੋਟੇ ਵੱਲੋਂ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਯੂਥ ਸਰਵਿਸਜ਼ ਪਾਲਿਸੀ 2024 ਦੇ ਆਧਾਰ ਤੇ ਮਾਨਯੋਗ ਡਾਇਰੈਕਟਰ, ਯੁਵਕ ਸੇਵਾਵਾਂ ਵਿਭਾਗ ਪੰਜਾਬ ਦੇ ਆਦੇਸ਼ਾਂ ਦੀ ਪਾਲਣਾ ਕਰਦਿਆਂ ਜ਼ਿਲ੍ਹੇ ਵਿੱਚ ਕੰਮ ਕਰ ਰਹੀਆਂ ਯੂਥ ਕਲੱਬਾਂ ਨੂੰ ਹੋਰ ਸਰਗਰਮ ਬਣਾਉਣ ਹਿੱਤ ਅਤੇ ਵਧੀਆ ਕਾਰਗੁਜ਼ਾਰੀ ਵਾਲੇ ਕਲੱਬਾਂ ਨੂੰ ਜ਼ਿਲ੍ਹਾ ਪੱਧਰ ਤੇ 5 ਲੱਖ, 3 ਲੱਖ ਅਤੇ 2 ਲੱਖ ਰੁਪਏ ਦੇ ਨਕਦ ਇਨਾਮ ਪ੍ਰਦਾਨ ਕਰਨ ਹਿੱਤ ਕੀਤੀਆਂ ਜਾਣ ਵਾਲੀਆਂ ਗਤੀਵਿਧੀਆਂ ਲਈ ਜਾਗਰੂਕ ਕਰਨ ਹਿੱਤ ਇਹ ਦੋ ਰੋਜ਼ਾ ਸਿਖਲਾਈ ਵਰਕਸ਼ਾਪ ਕਰਵਾਈ ਗਈ।

ਇਸ ਵਰਕਸ਼ਾਪ ਦੌਰਾਨ ਪਹਿਲੇ ਦਿਨ ਸ਼੍ਰੀ ਪਿਆਰ ਸਿੰਘ ਬੀ.ਡੀ.ਪੀ.ਓ ਪੰਚਾਇਤੀ ਵਿਭਾਗ ਵੱਲੋਂ 'Organizing Cultural Programme in Villages' ਵਿਸ਼ੇ ਬਾਰੇ ਭਰਪੂਰ ਜਾਣਕਾਰੀ ਦਿੱਤੀ ਗਈ। ਖੇਤੀਬਾੜੀ ਵਿਭਾਗ ਤੋਂ ਕਿਰਪਾਲ ਸਿੰਘ ਖੇਤੀਬਾੜੀ ਅਫਸਰ ਵੱਲੋਂ 'Efforts for improvement of Environment' ਵਿਸ਼ੇ ਤੇ ਜਾਣਕਾਰੀ ਦਿੱਤੀ ਗਈ ਅਤੇ ਸਤਿੰਦਰ ਸਿੰਘ ਵੱਲੋਂ ਬਲੱਡ ਡੋਨੇਸ਼ਨ ਵਿਸ਼ੇ ਤੇ ਜਾਣਕਾਰੀ ਦਿੱਤੀ ਗਈ। ਦੂਸਰੇ ਦਿਨ ਵਣ ਵਿਭਾਗ ਲੁਧਿਆਣਾ ਦੇ ਨੁਮਾਇੰਦੇ ਵੱਲੋਂ 'Trees grown to at least C girth and H feet height after a year' ਵਿਸ਼ੇ ਨਾਲ ਸਬੰਧਤ ਜਾਣਕਾਰੀ ਦਿੰਦਿਆਂ ਯੂਥ ਕਲੱਬਾਂ ਦੇ ਨੌਜਵਾਨਾਂ ਨੂੰ ਦੱਸਿਆ ਕਿ ਕਿਹੜੇ ਕਿਹੜੇ ਬੂਟੇ ਕਿਸ ਰੁੱਤ ਵਿੱਚ ਲਗਾ ਕੇ ਅਸੀਂ ਨਾ ਸਿਰਫ ਵਾਤਾਵਰਨ ਨੂੰ ਸ਼ੁੱਧ ਕਰ ਸਕਦੇ ਹਾਂ ਸਗੋਂ ਇਸ ਤਰ੍ਹਾਂ ਕਰਨ ਨਾਲ ਕਈ ਤਰ੍ਹਾਂ ਦੇ ਰੁਜ਼ਗਾਰ ਵੀ ਪੈਦਾ ਕਰ ਸਕਦੇ ਹਾਂ।

ਡਾ ਅੰਸ਼ੁਲ ਮਹਾਜਨ, ਸਮਰਾਲਾ ਵੱਲੋਂ 'Efforts for Drug-De-Addiction' ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਨਸ਼ੇ ਕਰਨ ਵਾਲਾ ਆਪਣੇ ਭਵਿੱਖ ਦੇ ਨਾਲ ਨਾਲ ਆਪਣੇ ਪਰਿਵਾਰ ਅਤੇ ਸਮਾਜ ਦੇ ਭਵਿੱਖ ਨਾਲ ਵੀ ਖਿਲਵਾੜ ਕਰਦਾ ਹੈ। ਨਸ਼ੇ ਵਿੱਚ ਗ੍ਰਸਤ ਨੌਜਵਾਨੀ ਨੂੰ ਬਚਾਉਣ ਲਈ ਯੂਥ ਕਲੱਬਾਂ ਦੇ ਨੌਜਵਾਨਾਂ ਨੂੰ ਅੱਗੇ ਆ ਕੇ ਹੰਭਲਾ ਮਾਰਨ ਦੀ ਜ਼ਰੂਰਤ ਹੈ ਅਤੇ ਡਾ: ਗਗਨ ਕਾਕੋਵਾਲ ਨੇ ਅੱਖਾਂ ਦੀ ਸਾਂਭ ਸੰਭਾਲ ਬਾਰੇ ਜਾਣਕਾਰੀ ਸਾਂਝੀ ਕੀਤੀ।

ਇਸ ਤੋਂ ਇਲਾਵਾ ਡਾਇਰੈਕਟਰ, ਪੇਂਡੂ ਸਵੈ ਰੋਜ਼ਗਾਰ ਸਿਖਲਾਈ ਸੰਸਥਾ ਵੱਲੋਂ ਨੌਜਵਾਨਾਂ ਨੂੰ ਰੋਜ਼ਗਾਰ ਨਾਲ ਸਬੰਧਤ ਚੱਲ ਰਹੀਆਂ ਸਕੀਮਾਂ ਬਾਰੇ ਮੁਕੰਮਲ ਜਾਣਕਾਰੀ ਦਿੱਤੀ ਗਈ।ਇਸ ਵਰਕਸ਼ਾਪ ਵਿੱਚ ਦੋਨੋਂ ਦਿਨ ਜ਼ਿਲ੍ਹਾ ਲੁਧਿਆਣਾ ਦੀਆਂ ਲਗਭਗ ਵੱਖ ਵੱਖ ਯੂਥ ਕਲੱਬਾਂ ਦੇ 60-60 ਨੌਜਵਾਨਾਂ ਨੇ ਭਾਗ ਲਿਆ।ਇਸ ਵਰਕਸ਼ਾਪ ਨੂੰ ਸਫਲਤਾ ਪੂਰਵਕ ਨੇਪਰੇ ਚਾੜ੍ਹਨ ਲਈ ਡਾ. ਗੀਤਾਂਜਲੀ, ਸ਼੍ਰੀਮਤੀ ਈਰਾਦੀਪ ਪ੍ਰਿੰਸੀਪਲ ਐਸ.ਸੀ.ਡੀ.ਕਾਲਜ਼, ਲੁਧਿਆਣਾ, ਮਨਜੀਤ ਸਿੰਘ ਸਮਰਾਲਾ, ਮਨਜੀਤ ਸਿੰਘ ਪੂੰਨੀਆ ਅਤੇ ਸਮੂਹ ਯੂਥ ਕਲੱਬਾਂ ਦੇ ਨੌਜਵਾਨਾਂ ਦਾ ਭਰਪੂਰ ਯੋਗਦਾਨ ਰਿਹਾ।ਵਰਕਸ਼ਾਪ ਦੇ ਅੰਤ ਵਿੱਚ ਸ਼: ਕੁਲਵਿੰਦਰ ਸਿੰਘ ਡਿਪਟੀ ਡਾਇਰੈਕਟਰ, ਯੁਵਕ ਸੇਵਾਵਾਂ ਵਿਭਾਗ, ਪੰਜਾਬ ਚੰਡੀਗੜ੍ਹ ਨੇ ਨੌਜਵਾਨਾ ਨਾਲ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਸ਼ਿਰਕਤ ਕੀਤੇ ਬੁਲਾਰਿਆ ਨੂੰ ਟਰਾਫੀਆ ਅਤੇ ਵਰਕਸ਼ਾਪ ਵਿੱਚ ਭਾਗ ਲੈਣ ਵਾਲੇ ਨੌਜਵਾਨਾਂ ਨੂੰ ਸਰਟੀਫਿਕੇਟ ਪ੍ਰਦਾਨ ਕੀਤੇ।

# ਸੱਤਵਾਂ ਜਨਮ ਦਿਨ



ਅਮਨ ਨਾਗਰਾ, ਪੰਜਾਬ ਪ੍ਰਧਾਨ ਮਿਨੀ ਬੱਸ ਕਾਂਗਰਸ ਦੇ ਬੇਟੇ ਮਨਤਾਜ ਸਿੰਘ ਨਾਗਰਾ ਨੂੰ ਸੱਤਵੇਂ ਜਨਮ ਦਿਨ ਦੀਆਂ ਸੱਭਿਆਚਾਰਕ ਪੱਤਰਕਾਰ ਸੋਮ ਜਲੰਧਰ, ਗਾਇਕਾ ਮਨਦੀਪ ਲੱਕੀ ਵੱਲੋਂ ਬਹੁਤ ਬਹੁਤ ਮੁਬਾਰਕਾਂ

# 20,000 ਰੁਪਏ ਰਿਸ਼ਵਤ ਲੈਂਦਾ ਜੰਗਲਾਤ ਗਾਰਡ ਵਿਜੀਲੈਂਸ ਬਿਊਰੋ ਵੱਲੋਂ ਕਾਬੂ



ਚੰਡੀਗੜ੍ਹ, ,( ਸੁਖਚੈਨ ਮਹਿਰਾ)
ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਆਪਣੀ ਮੁਹਿੰਮ ਦੌਰਾਨ ਅੱਜ ਮਾਲੇਰਕੋਟਲਾ ਵਿਖੇ ਤਾਇਨਾਤ ਜੰਗਲਾਤ ਗਾਰਡ ਹਰਜੀਤ ਸਿੰਘ ਨੂੰ 20,000 ਰੁਪਏ ਰਿਸ਼ਵਤ ਮੰਗਣ ਅਤੇ ਲੈਣ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਅੱਜ ਇੱਥੇ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਇਹ ਗ੍ਰਿਫ਼ਤਾਰੀ ਮਾਲੇਰਕੋਟਲਾ ਦੇ ਇੱਕ ਨਿਵਾਸੀ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੀ ਪੜਤਾਲ ਉਪਰੰਤ ਕੀਤੀ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਹੈ ਕਿ ਉਸਨੇ ਕੁੱਪ ਖੁਰਦ ਪਿੰਡ ਦੇ ਨੇੜੇ ਪਿੰਡ ਦਿਲਾਵਰਗੜ੍ਹ ਵਿਖੇ ਇੱਕ ਮੈਰਿਜ ਪੈਲੇਸ ਬਣਾਇਆ ਹੈ ਪਰ ਉਕਤ ਮੁਲਜ਼ਮ ਨੇ ਮੁੱਖ ਸੜਕ ਤੋਂ ਪੈਲੇਸ ਤੱਕ ਜਾਣ ਲਈ ਪਹੁੰਚ ਰਸਤਾ ਦੇਣ ਵਾਸਤੇ ਇੱਕ ਲੱਖ ਰੁਪਏ ਰਿਸ਼ਵਤ ਦੀ ਮੰਗ ਕੀਤੀ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤ ਦੀ ਪੜਤਾਲ ਉਪਰੰਤ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਜਿਸ ਦੌਰਾਨ ਉਕਤ ਮੁਲਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ ਰਿਸ਼ਵਤ ਦੀ ਪਹਿਲੀ ਕਿਸ਼ਤ ਵਜੋਂ 20000 ਰੁਪਏ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਇਸ ਸਬੰਧੀ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਉਕਤ ਮੁਲਜ਼ਮ ਵਿਰੁੱਧ ਆਰਥਿਕ ਅਪਰਾਧ ਸ਼ਾਖਾ, ਵਿਜੀਲੈਂਸ ਬਿਊਰੋ ਥਾਣਾ, ਲੁਧਿਆਣਾ ਵਿਖੇ ਕੇਸ ਦਰਜ ਕੀਤਾ ਗਿਆ ਹੈ। ਇਸ ਮੁਲਜ਼ਮ ਨੂੰ ਕੱਲ੍ਹ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਕੇਸ ਦੀ ਅਗਲੇਰੀ ਜਾਂਚ ਜਾਰੀ ਹੈ।

# ਸੀ.ਐਚ.ਸੀ.ਬੜਾ ਪਿੰਡ ਵੱਲੋਂ ਵਿਸ਼ਵ ਓਰਲ ਦਿਵਸ ਮਨਾਇਆ




ਫ਼ਗਵਾੜਾ-ਬੜਾ ਪਿੰਡ (ਸੁਸ਼ੀਲ ਸ਼ਰਮਾ) ਸਿਵਲ ਸਰਜਨ ਡਾ.ਗੁਰਮੀਤ ਲਾਲ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਅੱਜ ਦੰਦਾਂ ਦੀ ਸੰਭਾਲ ਸਬੰਧੀ ਜਾਗਰੂਕਤਾ ਪੈਦਾ ਕਰਨ ਲਈ ਕਮਿਊਨਿਟੀ ਹੈਲਥ ਸੈਂਟਰ ਬੜਾ ਪਿੰਡ ਵੱਲੋਂ ਵਿਸ਼ਵ ਓਰਲ ਦਿਵਸ ਸੀਨੀਅਰ ਮੈਡੀਕਲ ਅਫ਼ਸਰ ਡਾ. ਅਮਿਤਾ ਲੂਨਾ ਦੀ ਅਗਵਾਈ ਹੇਠ ਮਨਾਇਆ ਗਿਆ।

ਇਸ ਮੌਕੇ ਤੇ ਮੈਡੀਕਲ ਅਫਸਰ ਡੈਂਟਲ ਡਾ.ਅਵਿਨਾਸ਼ ਮੰਗੋਤਰਾ ਨੇ ਦੰਦਾਂ ਦੀ ਸੰਭਾਲ ਅਤੇ ਬਿਮਾਰੀਆਂ ਬਾਰੇ ਵਿਸਤਾਰ ਵਿੱਚ ਜਾਣਕਾਰੀ ਦਿੱਤੀ। ਉਹਨਾਂ ਦੰਦਾਂ ਦੀ ਸੰਭਾਲ ਲਈ ਹਰੀਆਂ ਸਬਜੀਆਂ ਅਤੇ ਫਲਾਂ ਦਾ ਉਪਯੋਗ ਕਰਨ ਉੱਪਰ ਜੋਰ ਦਿੱਤਾ। ਇਸ ਦੇ ਨਾਲ ਫਾਸਟ ਫੂਡ ਤੋਂ ਪ੍ਰਹੇਜ ਕਰਨ ਦੀ ਸਲਾਹ ਦਿੱਤੀ। ਡਾ.ਅਵਿਨਾਸ਼ ਮੰਗੋਤਰਾ ਨੇ ਮੂੰਹ ਦੇ ਕੈਂਸਰ ਤੋਂ ਬਚਣ ਲਈ ਤੰਬਾਕੂ ਤੋਂ ਪਰਹੇਜ ਕਰਨ ਲਈ ਕਿਹਾ। ਇਸ ਦੇ ਨਾਲ ਉਨ੍ਹਾਂ ਦਿਨ ਵਿੱਚ ਦੋ ਬਾਰ ਬਰਸ਼ ਕਰਨ ਅਤੇ ਸਾਲ ਵਿੱਚ ਦੋ ਵਾਰ ਚੈਕਅੱਪ ਕਰਵਾਉਣ ਲਈ ਕਿਹਾ। ਮੈਡੀਕਲ ਅਫ਼ਸਰ ਡਾ.ਮਮਤਾ,ਸੁਪਰਵਾਈਜਰ ਕੁਲਦੀਪ ਵਰਮਾ,ਹੈਲਥ ਸੁਪਰਵਾਈਜਰ ਸਤਨਾਮ,ਲੈਬ ਟੈਕਨੀਸ਼ੀਅਨ ਉਮੇਸ਼ ਅਤੇ ਸਮੂਹ ਸਟਾਫ ਇਸ ਮੌਕੇ ਤੇ ਹਾਜਰ ਸੀ।

# ਡਿਪਟੀ ਕਮਿਸ਼ਨਰ ਨੇ ਕੰਪਰੈੱਸਡ ਬਾਇਓਗੈਸ ਪ੍ਰਾਜੈਕਟ ਲਗਾਉਣ ਲਈ ਪੰਚਾਇਤਾਂ ਨੂੰ ਅੱਗੇ ਆਉਂਣ ਦਾ ਦਿੱਤਾ ਸੱਦਾ



ਮਾਲੇਰਕੋਟਲਾ :(ਕਿੰਮੀ ਅਰੋੜਾ,ਅਸਲਮ ਨਾਜ਼) ਹਿੰਦੁਸਤਾਨ ਪੈਟਰੋਲਿਯਮ ਕਾਰਪੋਰੇਸ਼ਨ ਲਿਮਟਿਡ ਦੇ ਸਹਿਯੋਗ ਨਾਲ ਜ਼ਿਲ੍ਹੇ ਵਿੱਚ ਪਰਾਲੀ ਪ੍ਰਬੰਧਨ/ਫਸ਼ਲੀ ਰਹਿੰਦ-ਖੂੰਹਦ ਦੇ ਨਿਪਟਾਰੇ ਲਈ ਕੰਪਰੈੱਸਡ ਬਾਇਓਗੈਸ(ਸੀ.ਬੀ.ਜੀ.) ਪ੍ਰਾਜੈਕਟ ਸਥਾਪਿਤ ਕੀਤਾ ਜਾਵੇਗਾ। ਇਸ ਗੱਲ ਦੀ ਜਾਣਕਾਰੀ ਡਿਪਟੀ ਕਮਿਸ਼ਨਰ ਵਿਰਾਜ ਐਸ.ਤਿੜਕੇ ਨੇ ਪ੍ਰਾਜੇਕਟ ਸਥਾਪਤ ਕਰਨ ਦੀਆਂ ਸੰਭਾਵਨਾਵਾਂ ਤਲਾਸ਼ਣ ਲਈ ਸੱਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਦਿੱਤੀ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨਵਦੀਪ ਕੌਰ, ਐਸ.ਡੀ.ਐਮ ਮਾਲੇਰਕੋਟਲਾ/ਅਹਿਮਦਗੜ੍ਹ ਹਰਬੰਸ ਸਿੰਘ, ਐਸ.ਡੀ.ਐਮ ਅਮਰਗੜ੍ਹ ਰਾਕੇਸ਼ ਪ੍ਰਕਾਸ਼, ਸਹਾਇਕ ਕਮਿਸ਼ਨਰ ਗੁਰਮੀਤ ਕੁਮਾਰ ਬਾਂਸਲ, ਹਿੰਦੁਸਤਾਨ ਪੈਟਰੋਲਿਯਮ ਕਾਰਪੋਰੇਸ਼ਨ ਲਿਮਟਿਡ ਡੀ.ਜੀ. ਐਮ. ਹੇਮੰਤ ਧਮੀਜ਼ਾ, ਡੀ.ਡੀ.ਪੀ.ਓ ਰਿੰਪੀ ਗਰਗ,ਬੀ.ਡੀ.ਪੀ.ਓ ਮਾਲੇਰਕੋਟਲਾ ਜਗਰਾਜ ਸਿੰਘ,ਬੀ.ਡੀ.ਪੀ.ਓ.ਅਮਰਗੜ੍ਹ ਲਖਵਿੰਦਰ ਸਿੰਘ ਕਲੇਰ,ਹਰਸਿਮਰਨ ਸਿੰਘ ਤੋਂ ਇਲਾਵਾ ਸਰਪੰਚ ਪਿੰਡ ਦਸੋਂਦਾ ਸਿੰਘ ਵਾਲਾ ਪਰਮਜੀਤ ਕੌਰ,ਸਰਪੰਚ ਪਿੰਡ ਬਾਗੜੀਆਂ ਪ੍ਰਭਦੀਪ ਸਿੰਘ,ਸਰਪੰਚ ਪਿੰਡ ਲਸੋਈ ਸਵਰਨ ਕੌਰ ਤੋਂ ਇਲਾਵਾ ਹੋਰ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

ਇਸ ਮੌਕੇ ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਗ਼ੈਰ-ਰਵਾਇਤੀ ਊਰਜਾ ਸਰੋਤਾਂ ਦੀ ਬਹੁਤ ਵੱਡੀ ਸੰਭਾਵਨਾ ਹੈ। ਜ਼ਿਲ੍ਹਾ ਪ੍ਰਸਾਸ਼ਨ ਵਾਤਾਵਰਣ ਨੂੰ ਬਚਾਉਣ ਲਈ ਅਤੇ ਆਉਂਣ ਵਾਲੀਆਂ ਪੀੜ੍ਹੀਆਂ ਦੇ ਭਵਿੱਖ ਨੂੰ ਸੁਰੱਖਿਅਤ ਅਤੇ ਸਿਹਤਯਾਬ ਰੱਖਣ ਲਈ ਵਾਤਾਵਰਣ-ਪੱਖੀ ਊਰਜਾ ਨੂੰ ਉਤਸ਼ਾਹਿਤ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਉਨ੍ਹਾਂ ਹੋਰ ਕਿਹਾ ਕਿ ਸਾਡਾ ਜ਼ਿਲ੍ਹਾ ਖੇਤੀ ਪ੍ਰਧਾਨ ਹੋਣ ਕਾਰਨ ਸਾਡੇ ਕੋਲ ਖੇਤੀ ਰਹਿੰਦ-ਖੂੰਹਦ ਦੇ ਰੂਪ ਵਿੱਚ ਸਾਫ-ਸੁਥਰੀ ਊਰਜਾ ਦੇ ਉਤਪਾਦਨ ਲਈ ਵੱਡੀ ਮਾਤਰਾ ਵਿੱਚ ਸਰੋਤ (ਫਸ਼ਲੀ ਰਹਿੰਦ-ਖੂੰਹਦ) ਮੌਜੂਦ ਹਨ। ਉਨ੍ਹਾਂ ਜ਼ਿਲ੍ਹੇ ਦੀਆਂ ਸਮੁੱਚੀਆਂ ਪੰਚਾਇਤਾਂ ਨੂੰ ਕੰਪਰੈੱਸਡ ਬਾਇਓਗੈਸ ਪ੍ਰਾਜੈਕਟ ਲਗਾਉਣ ਲਈ ਅੱਗੇ ਆਉਂਣ ਦਾ ਸੱਦਾ ਦਿੰਦਿਆ ਕਿਹਾ ਕਿ ਇਸ ਪ੍ਰੋਜੈਕਟ ਦੇ ਲੱਗਣ ਲਈ ਜ਼ਿਥੇ ਪਰਾਲੀ ਪ੍ਰਬੰਧਨ ਦੀ ਸਮੱਸਿਆ ਦਾ ਯੋਗ ਹੱਲ ਹੋਵੇਗਾ ,ਉਥੇ ਇਲਾਕੇ ਵਿੱਚ ਸਿੱਧੇ/ਅਸਿੱਧੇ ਤਰੀਕੇ ਨਾਲ ਰੋਜਗਾਰ ਦੇ ਮੌਕੇ ਪੈਦਾ ਹੋਣਗੇ। ਜਿਸ ਨਾਲ ਲੋਕਾਂ ਦਾ ਆਰਥਿਕ ਪੱਧਰ ਵੀ ਉੱਚਾ ਹੋਵੇਗਾ।

ਇਸ ਮੌਕੇ ਹਿੰਦੁਸਤਾਨ ਪੈਟਰੋਲਿਯਮ ਕਾਰਪੋਰੇਸ਼ਨ ਲਿਮਟਿਡ ਡੀ.ਜੀ.ਐਮ. ਹੇਮੰਤ ਧਮੀਜ਼ਾ ਨੇ ਦੇਸ਼ ਭਰ ਵਿੱਚ ਚੱਲ ਰਹੇ ਇਸ ਪ੍ਰਾਜੈਕਟ ਬਾਰੇ ਵਿਸਥਾਰ ਪੂਰਵਕ ਦੱਸਿਆ ਤੇ ਕਿਹਾ ਕਿ ਸੀ.ਬੀ.ਜੀ. ਪ੍ਰਾਜੈਕਟ ਵਾਤਾਵਰਣ ਦੇ ਅਨਕੂਲ ਹੈ। ਇਸ ਮੌਕੇ ਉਨ੍ਹਾਂ ਵੱਖ ਵੱਖ ਪੰਚਾਇਤਾ ਦੇ ਨੁਮਾਇੰਦਿਆਂ ਦਾ ਸਵਾਲਾ ਦੇ ਜਵਾਬ ਦਿੱਤੇ ਅਤੇ ਗਲਤ ਧਾਰਨਾਵਾਂ ਦੇ ਤਰਕ ਨਾਲ ਜਵਾਬ ਵੀ ਦਿੱਤੇ। ਉਨ੍ਹਾਂ ਹੋਰ ਦੱਸਿਆ ਕਿ ਬਾਓ ਗੈਸ ਤਿਆਰ ਹੋਣ ਉਪਰੰਤ ਜੈਵਿਕ ਖਾਂਦ ਕਿਸਾਨਾਂ ਨੂੰ ਮੁਫ਼ਤ ਉਪਲਬਧ ਕਰਵਾਈ ਜਾਵੇਗੀ ਜਿਸ ਨਾਲ ਧਰਤੀ ਦੀ ਸਿਹਤ ਦਾ ਸੁਧਾਰ ਹੋਵੇਗਾ।

# ਪ੍ਰਿੰਸੀਪਲ ਰਣਜੀਤ ਗੋਗਨਾ ਅਤੇ ਸਮਾਜ ਸੇਵਕ ਰਾਕੇਸ਼ ਬਾਂਸਲ ਪ੍ਰਾਈਡ ਆਫ ਦੀ ਸਿਟੀ ਅਵਾਰਡ ਨਾਲ ਸਨਮਾਨਿਤ



ਫਗਵਾੜਾ (ਸੁਸ਼ੀਲ ਸ਼ਰਮਾ) ਸੰਪਰਕ,ਸਹਿਯੋਗ,ਸੰਸਕਾਰ,ਸੇਵਾ ਅਤੇ ਸਮਰਪਣ ਪੰਜ ਸੂਤਰਾਂ ਤੇ ਅਧਾਰਿਤ ਭਾਰਤੀ ਕੀਮਤਾਂ ਕਦਰਾਂ ਤੇ ਪਹਿਰਾ ਦੇ ਰਹੀ ਸਮਾਜ ਸੇਵੀ ਸੰਸਥਾ ਭਾਰਤ ਵਿਕਾਸ ਪਰਿਸ਼ਦ ਫਗਵਾੜਾ ਵਲੋਂ ਸਿੱਖਿਆ ਦੇ ਖੇਤਰ ਵਿੱਚ ਮਿਸਾਲੀ ਸੇਵਾਵਾਂ ਦਾ ਸਨਮਾਨ ਕਰਦੇ ਹੋਏ ਸਕੂਲ ਆਫ ਐਮੀਂਨੈਂਸ ਫਗਵਾੜਾ ਦੇ ਪ੍ਰਿੰਸੀਪਲ ਰਣਜੀਤ ਗੋਗਨਾ ਅਤੇ ਅਤੇ ਇਸ ਸਕੂਲ ਦੀ ਬਿਲਡਿੰਗ ਅਤੇ ਪੜ੍ਹਾਈ ਸਮੱਗਰੀ ਲਈ ਸਹਿਯੋਗੀ ਸਮਾਜ ਸੇਵੀ ਸ਼ਖਸ਼ੀਅਤ ਰਾਕੇਸ਼ ਬਾਂਸਲ ਨੂੰ ਪ੍ਰਾਈਡ ਆਫ ਦੀ ਸਿਟੀ ਅਵਾਰਡ ਦੇ ਕੇ ਸਨਮਾਨਿਤ ਕੀਤਾ। ਸੰਸਥਾ ਪ੍ਰਧਾਨ ਹਰਜਿੰਦਰ ਗੋਗਨਾ ਦੀ ਅਗਵਾਈ ਵਿੱਚ ਆਯੋਜਿਤ ਸਨਮਾਨ ਸਮਾਰੋਹ ਵਿੱਚ ਮਾਣ ਪੱਤਰ ਪੜਦਿਆਂ ਸੰਸਥਾ ਦੇ ਸਰਪ੍ਰਸਤ ਅਸ਼ੋਕ ਗੁਪਤਾ ਅਤੇ ਰਵਿੰਦਰ ਗੁਲਾਟੀ ਨੇ ਦੱਸਿਆ ਕਿ ਰਾਕੇਸ਼ ਬਾਂਸਲ ਦੀ ਅਗਵਾਈ ਵਿੱਚ ਇਸ ਸਕੂਲ ਦੇ ਪੁਰਾਣੇ ਵਿਦਿਆਰਥੀਆਂ ਅਤੇ ਬਾਂਸਲ ਪਰਿਵਾਰ ਵਲੋਂ ਇੱਕ ਕਰੋੜ ਤੋਂ ਵੀ ਵੱਧ ਆਰਥਿਕ ਸਹਿਯੋਗ ਨਾਲ ਸਕੂਲ ਦੀ ਇਮਾਰਤ ਨੂੰ ਨਵਿਆਇਆ ਅਤੇ ਸਕੂਲ ਪ੍ਰਿੰਸੀਪਲ ਰਣਜੀਤ ਗੋਗਨਾ ਦੀ ਗਤੀਸ਼ੀਲ ਦੂਰਅੰਦੇਸ਼ੀ ਸੋਚ ਅਤੇ ਪ੍ਰਭਾਵਸ਼ਾਲੀ ਪ੍ਰਸ਼ਾਸਨੀ ਸੇਵਾਵਾਂ ਸਦਕਾ ਸਕੂਲ ਨੂੰ ਪੰਜਾਬ ਰਾਜ ਦੇ ਵਧੀਆ ਸਕੂਲ ਦਾ ਇਨਾਮ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਪ੍ਰਾਪਤ ਹੋਇਆ। ਆਪਣੇ ਸੰਬੋਧਨ ਵਿੱਚ ਪ੍ਰਿੰਸੀਪਲ ਰਣਜੀਤ ਗੋਗਨਾ ਅਤੇ ਰਾਕੇਸ਼ ਬਾਂਸਲ ਵਲੋਂ ਭਾਰਤ ਵਿਕਾਸ ਪਰਿਸ਼ਦ ਸੰਸਥਾ ਦਾ ਧੰਨਵਾਦ ਕਰਦਿਆ ਕਿਹਾ ਕਿ ਸਿੱਖਿਆ ਦੇ ਖੇਤਰ ਵਿੱਚ ਸਮਾਜ ਸੇਵਾ ਦਾ ਅਸਰ ਭਵਿੱਖਤ ਪੀੜੀਆਂ ਤੱਕ ਰਹਿੰਦਾ ਹੈ ਇਸ ਲਈ ਉਹਹਾਂ ਨੇ ਇਸ ਸੇਵਾ ਨੂੰ ਹੀ ਪ੍ਰਾਥਮਿਕਾ ਦਿੱਤੀ। ਇਸ ਮੌਕੇ ਡਾ.ਵਿਜੇ ਸ਼ਰਮਾ,ਚੰਦਰ ਸ਼ੇਖਰ ਗੁਪਤਾ, ਵਿੱਪਨ ਢੀਂਗਰਾ,ਯੋਗੇਸ਼ ਵਰਮਾ,ਪ੍ਰਵੇਸ਼ ਗੁਪਤਾ,ਰਾਵਿੰਦਰ ਗੁਲਾਟੀ,ਰਾਜ ਕੁਮਾਰ ਸ਼ਰਮਾ,ਅਸ਼ੀਸ਼ ਬੱਗਾ,ਸੁਨੀਲ ਸ਼ਰਮਾ, ਰਵੀ ਮੰਗਲ,ਤਰੁਨ ਆਨੰਦ,ਮਨਿੰਦਰ ਸ਼ਰਮਾ,ਮੁਨੀਸ਼ ਗੁਪਤਾ,ਪ੍ਰਦੀਪ ਸ਼ਰਮਾ,ਸਮੀਰ ਸ਼ਰਮਾ ਹਾਜ਼ਰ ਸਨ।

# ਸਿਹਤ ਵਿਭਾਗ ਵੱਲੋਂ ਬਿਨਾਂ ਲਾਈਸੈਂਸ ਤੋਂ ਘਰਾਂ ਵਿੱਚ ਚੱਲ ਰਹੀਆਂ ਚਾਂਪਾ ਬਣਾਉਣ ਵਾਲੀਆਂ ਫੈਕਟਰੀਆਂ ਨੂੰ ਕੀਤਾ ਗਿਆ ਸੀਲ: ਡਿਪਟੀ ਕਮਿਸ਼ਨਰ



ਅੰਮ੍ਰਿਤਸਰ (ਲੋਕ ਬਾਣੀ) – ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਕਮਿਸ਼ਨਰ ਫੂਡ ਅਤੇ ਡਰੱਗ ਐਡਮਿਨਿਸਟ੍ਰੇਸ਼ਨ ਪੰਜਾਬ ਦਿਲਰਾਜ ਸਿੰਘ ਆਈਐਸ ਦੇ ਆਦੇਸ਼ਾਂ ਤਹਿਤ, ਡਿਪਟੀ ਕਮਿਸ਼ਨਰ ਸਾਕਸੀ ਸਾਹਨੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ, ਸਿਵਲ ਸਿਵਲ ਸਰਜਨ ਡਾ.ਕਿਰਨਦੀਪ ਕੌਰ ਵੱਲੋਂ ਇੱਕ ਸਪੈਸ਼ਲ ਟੀਮ ਦਾ ਗਠਨ ਕੀਤਾ ਗਿਆ, ਜਿਸ ਦੀ ਅਗਵਾਈ ਸਹਾਇਕ ਕਮਿਸ਼ਨਰ ਫੂਡ ਰਜਿੰਦਰ ਪਾਲ ਸਿੰਘ ਵੱਲੋਂ ਕੀਤੀ ਗਈ। ਇਸ ਟੀਮ ਵਿੱਚ ਫੂਡ ਸੇਫਟੀ ਅਫਸਰ ਅਮਨਦੀਪ ਸਿੰਘ ਅਤੇ ਸਤਨਾਮ ਸਿੰਘ ਵੱਲੋਂ ਪੁਲਿਸ ਵਿਭਾਗ ਦੇ ਵਿਜੀਲੈਂਸ ਵਿੰਗ ਦੇ ਇੰਸਪੈਕਟਰ ਸ਼ਰਨਜੀਤ ਸਿੰਘ ਅਤੇ ਗੁਰਸੇਵਕ ਸਿੰਘ ਨਾਲ ਮਿਲ ਕੇ ਸ਼ਹਿਰ ਦੇ ਵੱਖ-ਵੱਖ ਖੇਤਰਾਂ ਵਿੱਚ ਖਾਣ ਪੀਣ ਦੀਆਂ ਵਸਤੂਆਂ ਖਾਸ ਕਰਕੇ ਚਾਪਾ ਅਤੇ ਮੋਮੋਸ ਬਣਾਉਣ ਵਾਲੀਆਂ ਅਨਹਾਈਜੀਨਿਕ ਫੈਕਟਰੀਆਂ ਤੇ ਛਾਪੇਮਾਰੀ ਕੀਤੀ ਗਈ। ਇਸ ਟੀਮ ਵੱਲੋਂ ਰਾਮਬਾਗ ਵਿਖੇ ਇੱਕ ਹੋਲ ਸੇਲ ਦੀ ਦੁਕਾਨ ਤੇ ਛਾਪੇਮਾਰੀ ਕੀਤੀ ਗਈ ਜਿਸ ਦੌਰਾਨਚਾਪਾ ਅਤੇ ਮੋਮੋਜ ਦੇ ਸੈਂਪਲ ਭਰੇ ਗਏ। ਉਕਤ ਦੁਕਾਨਦਾਰ ਵੱਲੋਂ ਫੂਡ ਸੇਫਟੀ ਸਬੰਧੀ ਨਾ ਹੀ ਕੋਈ ਲਾਈਸੈਂਸ ਲਿਆ ਗਿਆ ਸੀ ਅਤੇ ਸਾਰੇ ਸਮਾਨ ਦਾ ਰੱਖ ਰਖਾਵ ਅਨਹਾਈਜੀਨਿਕ ਹੋਣ ਕਾਰਨ, ਉਸ ਦਾ ਚਲਾਨ ਕੱਟਿਆ ਗਿਆ ਅਤੇ ਸੈਂਪਲ ਸੀਲ ਕੀਤੇ ਗਏ। ਇਸ ਉਪਰੰਤ ਟੀਮ ਵੱਲੋਂ ਅਨਗੜ ਸਥਿਤ ਦੋ ਚਾਪਾ ਬਣਾਉਣ ਵਾਲੀਆਂ ਫੈਕਟਰੀਆਂ ਤੇ ਛਾਪੇਮਾਰੀ ਕੀਤੀ ਗਈ, ਜਿਸ ਦੌਰਾਨ ਫੈਕਟਰੀ ਵਿੱਚ ਅਨਹਾਈਜੀਨਿਕ ਰੱਖ ਰਖਾਵ ਅਤੇ ਲਾਈਸੈਂਸ ਨਾ ਹੋਣ ਕਰਕੇ ਉਕਤ ਦੋਹਾਂ ਫੈਕਟਰੀਆਂ ਨੂੰ ਸੀਲ ਕੀਤਾ ਅਤੇ ਚਾਪਾ ਦੇ ਸੈਂਪਲ ਭਰੇ ਗਏ। ਇਸ ਰੇਡ ਦੌਰਾਨ ਕੁੱਲ ਪੰਜ ਸੈਂਪਲ ਭਰੇ ਗਏ ਹਨ ਅਤੇ ਇਹਨਾਂ ਸਾਰੇ ਸੈਂਪਲਾਂ ਨੂੰ ਸਟੇਟ ਲੈਬੋਰਟਰੀ ਖਰੜ ਵਿਖੇ ਟੈਸਟਿੰਗ ਲਈ

# ਪੰਜਗਰਾਈਆ ਵਿਖੇ ਮਨਾਇਆ ਗਿਆ ਵਰਲਡ ਓਰਲ ਹੈਲਥ ਡੇਅ




ਮਾਲੇਰਕੋਟਲਾ –(ਕਿੰਮੀ ਅਰੋੜਾ,ਅਸਲਮ ਨਾਜ਼)
ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਅਤੇ ਸਿਵਲ ਸਰਜਨ ਮਲੇਰਕੋਟਲਾ ਡਾ.ਸੰਜੇ ਗੋਇਲ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸੀਨੀਅਰ ਮੈਡੀਕਲ ਅਫ਼ਸਰ ਡਾ.ਜੀ ਐੱਸ ਭਿੰਡਰ ਦੀ ਅਗਵਾਈ ਵਿੱਚ ਬਲਾਕ ਫਤਿਹਗੜ੍ਹ ਪੰਜਗਰਾਈਆਂ ਵਿਖੇ ਵਰਲਡ ਓਰਲ ਹੈਲਥ ਡੇਅ ਮਨਾਇਆ ਗਿਆ। ਇਸ ਮੌਕੇ ਡਾ. ਜੀ ਐੱਸ ਭਿੰਡਰ ਨੇ ਦੱਸਿਆ ਕਿ ਇਸ ਪ੍ਰੋਗਰਾਮ ਵਿੱਚ ਆਸ਼ਾ ਵਰਕਰਾਂ ਨੂੰ ਓਰਲ ਹੈਲਥ ਪ੍ਰਤੀ ਜਾਗਰੂਕ ਕੀਤਾ ਗਿਆ ਤਾਂ ਜੋ ਉਹ ਆਮ ਲੋਕਾਂ ਨੂੰ ਮੂੰਹ ਦੀ ਸਾਫ਼ ਸਫ਼ਾਈ ਅਤੇ ਸੰਭਾਲ਼ ਪ੍ਰਤੀ ਨੁਕਤੇ ਦੱਸ ਸਕਣ। ਇਸ ਮੌਕੇ ਬਲਾਕ ਐਜੂਕੇਟਰ ਹਰਪ੍ਰੀਤ ਕੌਰ ਨੇ ਦੱਸਿਆ ਕਿ ਹਰ ਸਾਲ ਇਹ ਪ੍ਰੋਗਰਾਮ ਇੱਕ ਖਾਸ ਥੀਮ ਦੀ ਪਾਲਣਾ ਕਰਦਾ ਹੈ, ਜੋ ਮੂੰਹ ਦੀ ਸੰਭਾਲ ਦੇ ਵੱਖ-ਵੱਖ ਪਹਿਲੂਆਂ ਤੇ ਕੇਂਦ੍ਰਿਤ ਹੁੰਦਾ ਹੈ। 2025 ਦਾ ਥੀਮ, ਇੱਕ ਖੁਸ਼ ਮੂੰਹ ਹੈ... ਇੱਕ ਖੁਸ਼ ਮਨ ਹੈ ' ਮੂੰਹ ਦੀ ਸਿਹਤ ਅਤੇ ਮਾਨਸਿਕ ਤੰਦਰੁਸਤੀ ਵਿਚਕਾਰ ਸਬੰਧ ਨੂੰ ਉਜਾਗਰ ਕਰਦਾ ਹੈ। ਉਹਨਾਂ ਦੱਸਿਆ ਕਿ ਮਾੜੀ ਮੂੰਹ ਦੀ ਸਫਾਈ ਕਾਰਨ ਖੋੜ, ਮਸੂੜਿਆਂ ਦੀ ਬਿਮਾਰੀ ਅਤੇ ਦੰਦਾਂ ਦਾ ਨੁਕਸਾਨ ਵਰਗੀਆਂ ਸਥਿਤੀਆਂ ਹੋ ਸਕਦੀਆਂ ਹਨ, ਜੋ ਆਤਮਵਿਸ਼ਵਾਸ, ਸਮਾਜਿਕ ਪਰਸਪਰ ਪ੍ਰਭਾਵ ਅਤੇ ਸਮੁੱਚੀ ਮਾਨਸਿਕ ਸਿਹਤ ਨੂੰ ਪ੍ਰਭਾਵਿਤ ਕਰ ਸਕਦੀਆਂ ਹਨ। ਇਲਾਜ ਨਾ ਕੀਤੇ ਗਏ ਦੰਦਾਂ ਦੀਆਂ ਸਮੱਸਿਆਵਾਂ ਤਣਾਅ, ਚਿੰਤਾ ਅਤੇ ਸਵੈ-ਚੇਤਨਾ ਵਿੱਚ ਵੀ ਯੋਗਦਾਨ ਪਾ ਸਕਦੀਆਂ ਹਨ, ਜਿਸ ਨਾਲ ਵਿਅਕਤੀ ਦੇ ਜੀਵਨ ਦੀ ਗੁਣਵੱਤਾ ਪ੍ਰਭਾਵਿਤ ਹੁੰਦੀ ਹੈ। ਇਸ ਮੌਕੇ ਮਲਟੀਪਰਪਜ਼ ਹੈਲਥ ਸੁਪਰਵਾਈਜਰ ਚਰਨਜੀਤ ਕੌਰ, ਮਲਟੀ ਪਰਪਜ਼ ਹੈਲਥ ਵਰਕਰ ਗੁਰਮੀਤ ਕੌਰ ਅਤੇ ਸਮੂਹ ਆਸ਼ਾ ਵਰਕਰਾਂ ਹਾਜ਼ਿਰ ਰਹੀਆਂ।

# ਪ੍ਰਧਾਨ ਮੰਤਰੀ ਆਵਾਸ ਯੋਜਨਾ(ਗ੍ਰਾਮੀਣ) ਅਧੀਨ ਸਰਕਾਰ ਵਲੋਂ ਵੱਧ ਤੋਂ ਵੱਧ ਯੋਗ ਲਾਭਪਾਤਰੀਆਂ ਨੂੰ ਮਕਾਨ ਮੁਹੱਈਆ ਕਰਵਾਉਣਾ ਕੇਂਦਰ ਸਰਕਾਰ ਦਾ ਮੁੱਖ ਟੀਚਾ-ਸੋਮ ਪ੍ਰਕਾਸ਼



ਲੁਧਿਆਣਾ/ ਫਗਵਾੜਾ ( ਸੁਸ਼ੀਲ ਸ਼ਰਮਾ) ਪ੍ਰਧਾਨ ਮੰਤਰੀ ਆਵਾਸ ਯੋਜਨਾ(ਗ੍ਰਾਮੀਣ) ਅਧੀਨ ਭਾਰਤ ਸਰਕਾਰ ਵਲੋਂ ਪਿੰਡਾਂ ਵਿੱਚ ਕੱਚੇ ਮਕਾਨਾਂ ਵਿੱਚ ਰਹਿ ਰਹੇ ਲੋੜਵੰਦਾਂ ਪਰਿਵਾਰਾਂ ਨੂੰ ਪੱਕੇ ਮਕਾਨ ਬਣਵਾ ਕੇ ਦੇਣ ਦੀ ਇਸ ਯੋਜਨਾਂ ਦਾ ਸਵਾਗਤ ਕਰਦਿਆਂ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਵੱਲੋਂ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਜੀ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ।ਉਨਾਂ ਵਲੋਂ ਪ੍ਰਧਾਨ ਮੰਤਰੀ ਆਵਾਸ ਯੋਜਨਾ(ਗ੍ਰਾਮੀਣ) ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਲਾਭਪਾਤਰੀਆਂ ਨੂੰ ਨਵੇਂ ਘਰ ਬਨਾਉਣ ਲਈ 150,000/-ਦੇ ਲਗਭਗ ਰੁਪਏ ਤਿੰਨ ਕਿਸ਼ਤਾਂ ਵਿੱਚ ਰਾਸ਼ੀ ਜਾਰੀ ਜਾਰੀ ਕੀਤੀ ਜਾਵੇਗੀ। ਜਿਸ ਵਿੱਚ ਪਹਿਲੀ ਕਿਸ਼ਤ 25% (30,000/- ਰੁਪਏ) ਮਕਾਨ ਸੈਂਕਸ਼ਨ ਹੋਣ ਤੋਂ ਬਾਅਦ,ਦੂਜੀ ਕਿਸ਼ਤ 60% (72,000/- ਰੁ) ਦੀਵਾਰਾਂ ਦੇ ਲੈਂਟਰ ਲੇਵਲ ਤੇ ਪੁੱਜਣ ਤੇ ਅਤੇ ਤੀਸਰੀ ਕਿਸ਼ਤ 15% (18000/-ਰੁ) ਘਰ ਮੁਕੰਮਲ ਹੋਣ ਤੋਂ ਬਾਅਦ ਅਦਾ ਕੀਤੀ ਜਾਵੇਗੀ ਅਤੇ 30000/- ਰੁ. ਲੇਬਰ ਲਈ ਦਿੱਤੇ ਜਾਣਗੇ।ਇਹ ਰਾਸ਼ੀ ਸਿੱਧੀ ਲਾਭਪਾਤਰੀ ਦੇ ਖਾਤੇ ਵਿੱਚ ਭੇਜੀ ਜਾਂਦੀ ਹੈ। ਇਸ ਤੋਂ ਇਲਾਵਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਨੇ ਦੱਸਿਆ ਕਿ ਮਨਰੇਗਾ ਤੋਂ ਸ਼ੋਚਾਲਿਆ ਦਾ ਪ੍ਰਬੰਧ, ਦੀਨ ਦਿਆਲ ਉਪਾਧਿਆਏ ਗ੍ਰਾਮੀਣ ਜਯੋਤੀ ਯੋਜਨਾ ਤੋਂ ਬਿਜਲੀ ਦਾ ਪ੍ਰਬੰਧ, ਨੈਸ਼ਨਲ ਰੂਰਲ ਡਰਿੰਕਿੰਗ ਵਾਟਰ ਪ੍ਰੋਗਰਾਮ ਤੋਂ ਪੀਣ ਵਾਲੇ ਪਾਣੀ ਦਾ ਪ੍ਰਬੰਧ ਅਤੇ ਉਜਵਲਾ ਯੋਜਨਾ ਤੋ ਗੈਸ ਚੁੱਲੇ ਦਾ ਪ੍ਰਬੰਧ ਆਦ ਯੋਜਨਾਵਾਂ ਦਾ ਵੀ ਦੇਸ਼ਵਾਸੀ ਲਾਭ ਲੈ ਰਹੇ ਹਨ।

ਸੋਮ ਪ੍ਰਕਾਸ਼ ਦੱਸਿਆ ਕਿ ਇਸ ਯੋਜਨਾ ਦੇ ਤਹਿਤ ਅਧੀਨ ਸਰਕਾਰ ਵਲੋਂ ਵੱਧ ਤੋਂ ਵੱਧ ਯੋਗ ਲੋੜਵੰਦ ਲਾਭਪਾਤਰੀਆਂ ਨੂੰ ਪੱਕੇ ਮਕਾਨ ਮੁਹੱਈਆ ਕਰਵਾਉਣਾ ਕੇਂਦਰ ਸਰਕਾਰ ਦਾ ਮੁੱਖ ਟੀਚਾ ਹੋਵੇਗਾ। ਉਨਾਂ ਨੇ ਕਿਹਾ ਕਿ ਕੇਂਦਰ ਸਰਕਾਰ ਹਮੇਸ਼ਾ ਸਮੇਂ-ਸਮੇਂ ਤੇ ਵੱਖ-ਵੱਖ ਸਕੀਮਾਂ ਰਾਹੀਂ ਜਨਤਾ ਦੀ ਭਲਾਈ ਲਈ ਹਮੇਸ਼ਾ ਤਤਪਰ ਰਹਿੰਦੀ ਹੈ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
FACILITIES AVAILABLE
Ambulance Service 24hrs.
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
82880 21797
82880 21798
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
WWW.JSDCGROUP.COM
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements In Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS
EDUCATIONAL 64 YEARS EXCELLENCE SINCE 1958
MORE THAN
• 56 Colleges & Schools • 200 Merit Positions
• 125 Companies For Placements
• 75 Academic Courses
• 2000 Placements In 2022 - 2023
• 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.* • Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB
• PG DIPLOMA IN CYBER LAW
TEACHER / PHYSICAL EDUCATION
• BPES • B.Ed. • D.El.Ed. • B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
PMKVY
/stsoldiergroup
www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565